ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
SHKCSP
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101


# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ

RNI : PUNPUN/2021/80887 www.desipunjab.in DESI PUNJAB NOVEMBER Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519




ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

## 14 ਮਹੀਨਿਆਂ ਤੋਂ ਸਮਾਜ ਸੇਵੀ ਅਵਤਾਰ ਸਿੰਘ ਨਗਲਾ ਕਰ ਰਿਹਾ ਹੈ ਨਗਰ ਕੌਂਸਲ ਜੀਰਕਪੁਰ ਦੇ ਦਫਤਰ ਦੇ ਬਾਹਰ ਰੋਸ਼ ਪ੍ਰਦਰਸ਼ਨ

## ਕੱਲਾ ਬੰਦਾ ਖੋਲ੍ਹ ਕੇ ਬੈਠ ਗਿਆ ਮੋਰਚਾ ਕਰਤੀ ਸਭ ਦੀ ਬੋਲਤੀ ਬੰਦ



ਡੇਰਾ ਬੱਸੀ/ਜ਼ੀਰਕਪੁਰ,21 ਨਵੰਬਰ(ਹਿਮਾਂਸ਼ੂ ਹੈਰੀ): ਸਮਾਜ ਸੇਵੀ ਅਤੇ ਕੋਮਨ ਲੈਂਡ ਪ੍ਰੋਟੈਕਸ਼ਨ ਸੋਸਾਇਟੀ ਦੇ ਚੇਅਰਮੈਨ ਅਵਤਾਰ ਸਿੰਘ ਨਗਲਾ ਵੱਲੋਂ ਪਿਛਲੇ 14 ਮਹੀਨਿਆਂ ਤੋ ਕੌਂਸਲ ਨਗਰ ਕੌਂਸਲ ਜੀਰਕਪੁਰ ਦੇ ਦਰ ਦੇ ਅੱਗੇ ਧਰਨਾ ਦਿੱਤਾ ਜਾ ਰਿਹਾ ਹਾਲਾਂਕਿ ਇਹ ਧਰਨਾ ਕੋਈ ਇਹਨਾਂ ਦਾ ਨਿਜੀ ਨਹੀਂ ਹੈ ਲੋਕਾਂ ਦੇ ਹਿੱਤ ਵਿੱਚ ਬੈਠੇ ਅਵਤਾਰ ਸਿੰਘ ਨਗਲਾ ਨਾਲ ਜਦੋਂ ਪੱਤਰਕਾਰਾਂ ਨੇ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਇਹ ਮੇਰਾ ਕੋਈ ਨਿਜੀ ਮਸਲਾ ਨਹੀਂ ਹੈ ਇਹ ਮੇਰੀ ਲੜਾਈ ਨਜਾਇਜ਼ ਉਸਾਰੀਆਂ ਦੇ ਖਿਲਾਫ ਹੈ ਕਿਉਂਕਿ ਜਿਮੀਦਾਰਾਂ ਤੋਂ ਧੋਖਾਧੜੀ ਦੇ ਨਾਲ ਜਮੀਨਾਂ ਲੈ ਕੇ ਉਹਦੇ ਉੱਤੇ ਵੱਡੀਆਂ ਵੱਡੀਆਂ ਬਿਲਡਿੰਗਾਂ ਉਸਾਰ ਲਿਤੀਆਂ ਗਈਆਂ ਹਨ ਉਨਾਂ ਨੇ ਸਾਬਕਾ ਵਿਧਾਇਕ ਡੇਰਾਬਸੀ ਦੇ ਖਿਲਾਫ ਵੀ ਬੋਲਦੇ ਕਿਹਾ ਕਿ ਉਹਨਾਂ ਵੱਲੋਂ ਵੀ ਸਰਕਾਰੀ ਜਮੀਨਾਂ ਉੱਤੇ ਆਪਣੇ ਬਿਜਨਸ ਚਲਾ ਕੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਚੂਨਾ ਲਗਾਇਆ ਜਾ ਰਿਹਾ ਹੈ ਅਵਤਾਰ ਸਿੰਘ ਨਗਲਾ ਨੇ ਅੱਗੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੁਝ ਟਾਈਮ ਪਹਿਲਾਂ ਇੱਥੇ ਮੁੱਖ ਮੰਤਰੀ ਪੰਜਾਬ ਵੱਲੋਂ ਨਗਰ ਕੌਂਸਲ ਜ਼ੀਰਕਪੁਰ ਦਾ ਦੌਰਾ ਕੀਤਾ ਗਿਆ ਸੀ ਤੇ ਉਸ ਦੌਰਾਨ ਉਨਾਂ ਨੇ ਡੀਸੀ ਮੋਹਾਲੀ, ਐਸਡੀਐਮ ਡੇਰਾ ਬੱਸੀ ਅਤੇ ਕਾਰਜ ਸਾਧਕ ਅਫਸਰ ਜ਼ੀਰਕਪੁਰ ਸਮੇਟ ਵਿਧਾਇਕ ਕੁਲਜੀਤ ਰੰਧਾਵਾ ਨੂੰ ਮੇਰੀਆਂ ਸ਼ਿਕਾਇਤਾਂ ਬਾਰੇ ਜਾਣੂ ਕਰਵਾਇਆ ਸੀ ਪਰੰਤੂ ਉਸ ਦੇ ਬਾਵਜੂਦ ਵੀ ਉੱਚ ਅਧਿਕਾਰੀਆਂ ਅਤੇ ਵਿਧਯਕ ਵੱਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਮੈਂ ਇਸ ਬਾਬਤ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਤੱਕ ਆਪਣੀ ਸ਼ਿਕਾਇਤਾਂ ਪਹੁੰਚਾ ਚੁੱਕਿਆ ਹਾਂ ਤੇ ਮੇਰੀ ਅਵਾਜ਼ ਦਬਨ ਲਈ ਲਗਭਗ 20 ਤੋ 22 ਪਰਚੇ ਤਕ ਮੇਰੇ ਉਤੇ ਦਰਜ ਹਨ ਪਰ ਉਸਦੇ ਬਾਵਜੂਦ ਮੇਰਾ ਆਪਣੇ ਸ਼ਹਰ ਲਈ ਸੰਘਰਸ਼ ਜਾਰੀ ਹੇ ਤੇ ਸ਼ਿਕਾਇਤਾ ਤੇ ਹਜੇ ਤੱਕ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਮੇਰੀ ਮੌਜੂਦਾ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਅਪੀਲ ਹੈ ਕਿ ਜ਼ੀਰਕਪੁਰ ਦੇ ਲੋਕਾਂ ਦੇ ਹੱਕ ਵਿੱਚ ਬੈਠ ਕੇ ਲੋਕਾਂ ਦੀ ਆਵਾਜ਼ ਬਣ ਰਿਹਾ ਹਾਂ ਤੇ ਮੇਰੀ ਸਮਾਈ ਕਰਦਿਆਂ ਹੋਇਆਂ ਜ਼ੀਰਕਪੁਰ ਦੇ ਲੋਕਾਂ ਨੂੰ ਅਤੇ ਮੇਨੂ ਇਨਸਾਫ ਦਿੱਤਾ ਜਾਵੇ।

## ਭਗਵੰਤ ਮਾਨ ਦਾ ਬਿਆਨ ਸਿੱਖ ਮਰਿਯਾਦਾ ਦੀ ਸਮਝ ਤੋਂ ਸੱਖਣੇ ਹੋਣ ਦੀ ਨਿਸ਼ਾਨੀ : ਸਰਨਾ



ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਗੁਰੂ ਤੇਗ ਬਹਾਦਰ ਸਾਹਿਬ ਨੂੰ ਸ਼ਤਾਬਦੀ ਮੌਕੇ ਸ਼ਰਧਾਂਜਲੀ ਦੇਣ ਵੇਲੇ ਇੱਕ ਵਚਨਬੱਧ ਸਿੱਖ ਦੇ ਅਨੁਸ਼ਾਸਨ ਅਤੇ ਸਰੂਪ ਨਾਲ ਜੋੜਨ ਦੀ ਅਪੀਲ ਕੀਤੀ ਹੈ, ਕਿਹਾ ਹੈ ਕਿ 350ਵੀਂ ਸ਼ਹੀਦੀ ਪੁਰਬ ਮਹਿਜ਼ ਇਕ ਰਵਾਇਤ ਸਮਾਗਮ ਕਰਨ ਲਈ ਨਹੀਂ ਸਗੋਂ ਹਰ ਕਿਸੇ ਨੂੰ ਆਪਣੇ ਅੰਦਰ ਝਾਕਣ ਦਾ ਮੌਕਾ ਵੀ ਹੈ ਕਿ ਉਹਨਾਂ ਦੀ ਕਹਿਣੀ ਕੀ ਹੈ ਤੇ ਕਰਨੀ ਕੀ ਹੈ ਤੇ ਉਹ ਮਰਿਆਦਾ ਦੀ ਕਿੰਨੀ ਕੁ ਸਮਝ ਰੱਖਦੇ ਹਨ। ਉਹਨਾਂ ਨੂੰ ਮੁੱਖ ਮੰਤਰੀ ਦੀ ਕੁਰਸੀ ਮਿਲਣ ਦਾ ਮਤਲਬ ਇਹ ਨਹੀਂ ਕਿ ਉਹ ਹੁਣ ਸਿੱਖ ਪਰੰਪਰਾਵਾਂ ਦੀ ਵੀ ਵਿਆਖਿਆ ਆਪਣੇ ਹਿਸਾਬ ਨਾਲ ਕਰਨਗੇ। ਸਰਨਾ ਨੇ ਕਿਹਾ ਕਿ ਮਾਨ ਦੇ ਹਾਲੀਆ ਭਾਸ਼ਣਾਂ ਵਿੱਚ ਨੋਵੀਂ ਪਾਤਸ਼ਾਹੀ ਦੀ ਵਿਰਾਸਤ 'ਤੇ ਬੋਲਦਿਆਂ ਜੋ ਵਿਚਾਰ ਦਿੱਤੇ ਹਨ ਉਹ ਦੱਸਦੇ ਹਨ ਕਿ ਇਹ ਸਿੱਖ ਸਮਝ ਤੋ ਕਿੰਨੇ ਸੱਖਣੇ ਹਨ, ਫਿਰ ਵੀ ਇਹ ਪਲ ਮੁੱਖ ਮੰਤਰੀ ਨੂੰ ਆਪਣੀ ਰਹਿਤ 'ਤੇ ਵਿਚਾਰ ਕਰਨ ਦਾ ਮੌਕਾ ਹਨ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਗੁਰੂ ਗੋਬਿੰਦ ਸਿੰਘ ਸਾਹਿਬ ਦੁਆਰਾ ਭੇਟ ਕੀਤੇ ਗਏ ਪੂਰੇ ਸਰੂਪ ਨੂੰ ਗਲੇ ਲਗਾਉਣ ਦੀ ਅਪੀਲ ਕੀਤੀ ਤੇ ਸਿੱਖਾਂ ਦੇ ਮਸਲਿਆਂ ਤੇ ਵਿਚਾਰ ਦੇਣ ਤੋਂ ਪਹਿਲਾਂ ਸਿੱਖ ਰਹਿਤ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ ਦੀ ਅਪੀਲ ਕੀਤੀ । ਸਰਨਾ ਨੇ ਕਿਹਾ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੇ ਸਦੀਆਂ ਤੋਂ ਸਾਡੇ ਲੋਕਾਂ ਦੀ ਜ਼ਮੀਰ ਨੂੰ ਢਾਲਿਆ ਹੈ। ਜਦੋਂ ਮੁੱਖ ਮੰਤਰੀ ਅਜਿਹੀ ਵਿਰਾਸਤ 'ਤੇ ਬੋਲਦੇ ਹਨ, ਤਾਂ ਪੰਥ ਕੁਦਰਤੀ ਤੌਰ 'ਤੇ ਉਨ੍ਹਾਂ ਦੇ ਸ਼ਬਦਾਂ ਅਤੇ ਉਨ੍ਹਾਂ ਦੇ ਚੱਲਣ ਦੇ ਤਰੀਕੇ ਵਿਚਕਾਰ ਇਕਸਾਰਤਾ ਦੀ ਮੰਗ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਖਾਲਸੇ ਦਾ ਸਵਰੂਪ ਪਹਿਰਾਵੇ ਤੋਂ ਵੱਧ ਹੈ। ਸਰਨਾ ਨੇ ਜ਼ੋਰ ਦੇ ਕੇ ਕਿਹਾ ਕਿ ਮੇਰੀ ਅਪੀਲ ਸਿੱਖ ਭਾਈਚਾਰੇ ਲਈ ਚਿੰਤਾ ਤੋਂ ਉੱਠਦੀ ਹੈ, ਨਾ ਕਿ ਪੱਖਪਾਤੀ ਦੁਸ਼ਮਣੀ ਤੋਂ। ਉਨ੍ਹਾਂ ਕਿਹਾ ਕਿ ਜਨਤਕ ਜੀਵਨ ਵਿੱਚ ਸਾਨੂੰ ਖੁਦ ਨੂੰ ਵੀ ਉੱਚ ਆਦਰਸ਼ ਧਾਰਨ ਕਰਨੇ ਚਾਹੀਦੇ ਜਦੋਂ ਅਸੀ ਸਿੱਖ ਇਤਿਹਾਸ ਦੇ ਹਵਾਲੇ ਦਿੰਦੇ ਹਾਂ ਤੇ ਮਰਿਯਾਦਾ ਬਾਰੇ ਵਿਚਾਰ ਦਿੰਦੇ ਹਾਂ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਮੌਕੇ ਸਾਨੂੰ ਆਤਮ-ਨਿਰੀਖਣ ਲਈ ਪ੍ਰੇਰਿਤ ਹੋਣਾ ਚਾਹੀਦਾ ਹੈ। "ਜਦੋਂ ਅਸੀਂ ਮੰਚ ਤੋਂ ਸ਼ਹੀਦਾਂ ਬਾਰੇ ਵਿਚਾਰ ਰੱਖਦੇ ਹਾਂ ਤਾਂ ਸਾਨੂੰ ਉਨ੍ਹਾਂ ਸ਼ਬਦਾਂ ਦੇ ਪਿੱਛੇ ਆਪਣੇ ਜੀਵਨ ਨੂੰ ਵੀ ਗੰਭੀਰਤਾ ਨਾਲ ਉੱਚਾ ਚੱਕਣ ਦੀ ਲੋੜ ਹੈ।

## ਪਾਬੰਦੀਸ਼ੁਦਾ ਹਿੰਦੀ ਪੁਸਤਕ 'ਸਿੱਖ ਇਤਿਹਾਸ' ਦਾ ਮੁੱਦਾ ਵਾਰ ਵਾਰ ਉਠਾਉਣਾ ਸ਼ਰਾਰਤ ਭਰੀ ਕਾਰਵਾਈ- ਸ਼੍ਰੋਮਣੀ ਕਮੇਟੀ




ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਸੁਚੇਤ ਕਰਦਿਆਂ ਕਿਹਾ ਹੈ ਕਿ ਕੁਝ ਲੋਕਾਂ ਵੱਲੋਂ ਸਿੱਖਾਂ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਜਾਣਬੁੱਝ ਕੇ ਨਿਸ਼ਾਨੇ ਉਤੇ ਲੈਣ ਦੀਆਂ ਲਗਾਤਾਰ ਕੋਸ਼ਿਸ਼ਾਂ ਹੋ ਰਹੀਆਂ ਹਨ, ਜਿਨ੍ਹਾਂ ਤੋਂ ਸਿੱਖ ਪੰਥ ਨੂੰ ਸੁਚੇਤ ਰਹਿਣ ਦੀ ਲੋੜ ਹੈ। ਬੀਤੇ ਦਿਨ ਕੁਝ ਵਿਦਵਾਨਾਂ ਵੱਲੋਂ ਇਤਿਹਾਸ ਦੀ ਉਸ ਪੁਸਤਕ ਦੀ ਚਰਚਾ ਕਰਦਿਆਂ ਸ਼੍ਰੋਮਣੀ ਕਮੇਟੀ ਨੂੰ ਟਾਰਗੇਟ ਕੀਤਾ ਗਿਆ ਜਿਸ ਨੂੰ ਸ਼੍ਰੋਮਣੀ ਕਮੇਟੀ ਨੇ ਪਹਿਲਾਂ ਹੀ ਬੈਨ ਕੀਤਾ ਹੋਇਆ ਹੈ। ਇਸ ਸਬੰਧੀ ਗਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਅਜਿਹੇ ਲੋਕ ਸੋਚੀ ਸਮਝੀ ਸਾਜ਼ਿਸ਼ ਤਹਿਤ ਸਿੱਖ ਸੰਸਥਾ ਨੂੰ ਬਦਨਾਮ ਕਰ ਰਹੇ ਹਨ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ 1999 ਵਿਚ ਛਾਪੀ ਹਿੰਦੀ ਪੁਸਤਕ 'ਸਿੱਖ ਇਤਿਹਾਸ' ਦੇ ਮਾਮਲੇ ਨੂੰ ਬਿਨਾ ਵਜ੍ਹਾ ਤੂਲ ਦੇਣਾ ਕਿਸੇ ਵੀ ਤਰ੍ਹਾਂ ਠੀਕ ਨਹੀਂ। ਉਨ੍ਹਾਂ ਕਿਹਾ ਕਿ ਸੱਚਾਈ ਇਹ ਹੈ ਕਿ ਇਸ ਪੁਸਤਕ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਉਦੋਂ ਹੀ ਵਾਪਸ ਲੈ ਲਿਆ ਗਿਆ ਸੀ ਜਦੋਂ ਇਸ ਪੁਸਤਕ ਵਿਚ ਕੁਝ ਇਤਰਾਜ਼ਯੋਗ ਤੱਥਾਂ ਬਾਰੇ ਸੰਗਤਾਂ ਵੱਲੋਂ ਇਤਰਾਜ਼ ਕੀਤੇ ਗਏ ਸਨ। ਉਨ੍ਹਾਂ ਸਪੱਸ਼ਟ ਕੀਤਾ ਕਿ 23 ਨਵੰਬਰ 2007 ਨੂੰ ਜਨਰਲ ਇਜਲਾਸ ਦੌਰਾਨ ਇਕ ਵਿਸ਼ੇਸ਼ ਮਤਾ ਕਰਕੇ ਇਸ ਕਿਤਾਬ 'ਤੇ ਪਾਬੰਦੀ ਲਗਾਉਂਦਿਆਂ ਇਸ ਦੀਆਂ ਛਪੀਆਂ ਕਾਪੀਆਂ ਵਾਪਸ ਲੈ ਲਈਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਇਹ ਪੁਸਤਕ ਜੇ. ਡੀ. ਕਨਿੰਘਮ ਦੀ ਅੰਗਰੇਜ਼ੀ ਪੁਸਤਕ 'ਦਾ ਹਿਸਟਰੀ ਆਫ ਸਿੱਖਜ਼' ਦਾ ਹਿੰਦੀ ਅਨੁਵਾਦ ਸੀ, ਜਿਸ ਨੂੰ ਖ਼ਾਲਸਾ ਸਾਜਨਾ ਦਿਵਸ ਦੀ ਤੀਜੀ ਸ਼ਤਾਬਦੀ ਮੌਕੇ ਕੇਵਲ 300 ਦੀ ਗਿਣਤੀ ਵਿਚ ਪ੍ਰਕਾਸ਼ਤ ਕੀਤਾ ਗਿਆ ਸੀ। ਇਸ 'ਤੇ ਇਤਰਾਜ਼ ਆਏ ਸਨ, ਜਿਸ ਦੇ ਮੱਦੇਨਜ਼ਰ ਪੁਸਤਕ 'ਤੇ ਪਾਬੰਦੀ ਲਗਾਈ ਗਈ ਸੀ ਅਤੇ ਇਸ ਸਬੰਧੀ 24 ਅਕਤੂਬਰ 2010 ਅਤੇ ਫਿਰ 11 ਅਗਸਤ 2018 ਨੂੰ ਅਖ਼ਬਾਰਾਂ ਵਿਚ ਇਸ਼ਤਿਹਾਰ ਵੀ ਛਪਾਏ ਗਏ ਸਨ। ਉਨ੍ਹਾਂ ਕਿਹਾ ਕਿ ਇਸ ਪੁਸਤਕ ਸਬੰਧੀ ਸ਼੍ਰੋਮਣੀ ਕਮੇਟੀ ਦੇ ਜਨਰਲ ਹਾਊਸ ਜੋ ਸਭ ਤੋਂ ਸੁਪਰੀਮ ਹੈ, ਵੱਲੋਂ ਮਤੇ ਰਾਹੀਂ ਜਨਤਕ ਤੌਰ 'ਤੇ ਗਲਤੀ ਪ੍ਰਵਾਨ ਕਰਦਿਆਂ ਕਿਤਾਬ ਰੱਦ ਕੀਤੀ ਸੀ, ਜਿਸ ਮਗਰੋਂ ਇਸ ਕਿਤਾਬ ਦਾ ਕੋਈ ਮਾਮਲਾ ਨਹੀਂ ਬਣਦਾ।

## ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੱਡੀ ਸਫ਼ਲਤਾ — ਕਲਾਨੌਰ ਪੁਲਿਸ ਅਤੇ ਬੀਐਸਐਫ ਵੱਲੋਂ 2 ਨੌਜਵਾਨ ਕਾਬੂ, 2 ਕਿਲੋ 544 ਗ੍ਰਾਮ ਹੀਰੋਇਨ ਬਰਾਮਦ



## ਵੋਟ ਚੋਰੀ ਖਿਲਾਫ 14 ਦਸੰਬਰ ਨੂੰ ਦਿੱਲੀ ਵਿੱਚ ਵਿਸ਼ਾਲ ਰੈਲੀ ਕਰੇਗੀ ਕਾਂਗਰਸਪੰਜਾਬ ਤੋਂ ਵੋਟ ਚੋਰੀ ਵਿਰੁੱਧ ਲਗਭਗ 27 ਲੱਖ ਦਸਤਖ਼ਤਕਾਂਗਰਸ ਜ਼ਿਮਨੀ ਚੋਣ ਦੇ ਨਤੀਜਿਆਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰੇਗੀ: ਬਘੇਲਪੰਜਾਬ ਦੇ ਨਵੇਂ ਨਿਯੁਕਤ ਜਿਲ੍ਹਾ ਕਾਂਗਰਸ ਕਮੇਟੀਆਂ ਦੇ ਪ੍ਰਧਾਨਾਂ ਨਾਲ ਮੀਟਿੰਗ ਕੀਤੀ



ਚੰਡੀਗੜ੍ਹ, 21 ਨਵੰਬਰ: ਕਾਂਗਰਸ ਦੇਸ਼ ਵਿੱਚ ਵੋਟ ਚੋਰੀ ਖਿਲਾਫ ਰੋਸ ਪ੍ਰਗਟਾਉਣ ਲਈ 14 ਦਸੰਬਰ ਨੂੰ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਇੱਕ ਵਿਸ਼ਾਲ ਰੈਲੀ ਕਰੇਗੀ। ਇਸ ਤੋਂ ਪਹਿਲਾਂ, ਉਸੇ ਦਿਨ ਦੇਸ਼ ਭਰ ਤੋਂ ਵੋਟ ਚੋਰੀ ਵਿਰੁੱਧ ਪੰਜ ਕਰੋੜ ਦਸਤਖ਼ਤ ਕੀਤੇ ਫਾਰਮ ਭਾਰਤ ਦੇ ਰਾਸ਼ਟਰਪਤੀ ਨੂੰ ਸੌਂਪੇ ਜਾਣਗੇ।ਇੱਥੇ ਪੰਜਾਬ ਕਾਂਗਰਸ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪੰਜਾਬ ਦੇ ਇੰਚਾਰਜ ਪਾਰਟੀ ਜਨਰਲ ਸਕੱਤਰ ਅਤੇ ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਭੁਪੇਸ਼ ਬਘੇਲ ਨੇ ਕਿਹਾ ਕਿ ਦੇਸ਼ ਦੇ ਹੋਰ ਹਿੱਸਿਆਂ ਵਾਂਗ, ਪੰਜਾਬ ਵਿੱਚ ਵੀ ਭਾਜਪਾ ਦੀਆਂ ਵੋਟ ਚੋਰੀ ਦੀਆਂ ਕੋਝੀਆਂ ਕੋਸ਼ਿਸ਼ਾਂ ਖਿਲਾਫ ਭਾਰੀ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੇ ਦੇਸ਼ ਭਰ ਤੋਂ ਪੰਜ ਕਰੋੜ ਦਸਤਖ਼ਤ ਇਕੱਠੇ ਕੀਤੇ ਹਨ ਅਤੇ ਇਕੱਲੇ ਪੰਜਾਬ ਤੋਂ ਹੀ ਲਗਭਗ 27 ਲੱਖ ਦਸਤਖ਼ਤ ਇਕੱਠੇ ਕੀਤੇ ਗਏ ਹਨ।ਇਸ ਤੋਂ ਪਹਿਲਾਂ, ਬਘੇਲ ਨੇ ਨਵ-ਨਿਯੁਕਤ ਜ਼ਿਲ੍ਹਾ ਕਾਂਗਰਸ ਕਮੇਟੀਆਂ ਦੇ ਪ੍ਰਧਾਨਾਂ ਦੀ ਇੱਕ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਹੋਰ ਗੱਲਾਂ ਦੇ ਨਾਲ-ਨਾਲ, ਨਵੇਂ ਜਿਲ੍ਹਾ ਕਾਂਗਰਸ ਪ੍ਰਧਾਨਾਂ ਨੂੰ ਵੋਟ ਚੋਰੀ ਵਿਰੁੱਧ ਦਿੱਲੀ ਵਿੱਚ ਹੋ ਰਹੀ 14 ਦਸੰਬਰ ਦੀ ਰੈਲੀ ਲਈ ਸਮਰਥਨ ਜੁਟਾਉਣ ਲਈ ਕਿਹਾ ਗਿਆ ਹੈ।ਇਸੇ ਤਰ੍ਹਾਂ, ਉਨ੍ਹਾਂ ਨੇ ਖੁਲਾਸਾ ਕੀਤਾ ਕਿ ਬਾਕੀ ਬਚੇ ਜਿਲ੍ਹਾ ਕਾਂਗਰਸ ਪ੍ਰਧਾਨਾਂ ਦੀਆਂ ਨਿਯੁਕਤੀਆਂ ਵੀ ਬਹੁਤ ਜਲਦੀ ਕੀਤੀਆਂ ਜਾਣਗੀਆਂ।ਜਦਕਿ ਤਰਨਤਾਰਨ ਜ਼ਿਮਨੀ ਚੋਣ ਦੇ ਨਤੀਜਿਆਂ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ, ਕਾਂਗਰਸ ਜਨਰਲ ਸਕੱਤਰ ਨੇ ਕਿਹਾ ਕਿ ਪਾਰਟੀ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਜਾ ਰਹੀ ਹੈ ਅਤੇ ਸਾਰੇ ਜ਼ਰੂਰੀ ਸੁਧਾਰਾਤਮਕ ਉਪਾਅ ਕੀਤੇ ਜਾਣਗੇ। ਇਸਦੇ ਨਾਲ ਹੀ, ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਆਮ ਤੌਰ ਤੇ ਸੱਤਾਧਾਰੀ ਪਾਰਟੀ ਜ਼ਿਆਦਾਤਰ ਜ਼ਿਮਨੀ ਚੋਣਾਂ ਜਿੱਤਦੀ ਹੈ। ਹਾਲਾਂਕਿ ਇਸਦੇ ਬਾਵਜੂਦ ਕਾਂਗਰਸ ਨੇ ਬਰਨਾਲਾ ਵਿੱਚ ਇੱਕ ਜ਼ਿਮਨੀ ਚੋਣ ਵੀ ਜਿੱਤੀ ਸੀ।ਇਸੇ ਤਰ੍ਹਾਂ, ਬਿਹਾਰ ਦੇ ਨਤੀਜਿਆਂ ਬਾਰੇ, ਬਘੇਲ ਨੇ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਨੇ ਉੱਥੇ ਭਾਜਪਾ ਦਾ ਪੂਰਾ ਸਮਰਥਨ ਕੀਤਾ ਸੀ। ਜਿਸ ਬਾਰੇ ਇਹ ਦੱਸਿਆ ਗਿਆ ਹੈ ਕਿ ਕਿਵੇਂ 65 ਲੱਖ ਵੋਟਾਂ ਨੂੰ ਕੱਟ ਦਿੱਤਾ ਗਿਆ ਅਤੇ ਭਾਜਪਾ ਦੇ ਫਾਇਦੇ ਵਿੱਚ ਨਵੀਆਂ ਵੋਟਾਂ ਜੋੜੀਆਂ ਗਈਆਂ।ਇਸ ਮੌਕੇ ਬਘੇਲ ਦੇ ਨਾਲ ਏ.ਆਈ.ਸੀ.ਸੀ ਸਕੱਤਰ ਸੂਰਜ ਸਿੰਘ ਠਾਕੁਰ, ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਅਤੇ ਹੋਰ ਸੀਨੀਅਰ ਪਾਰਟੀ ਆਗੂ ਵੀ ਹਾਜਰ ਸਨ।

## ਪਿਛਲੀਆਂ ਸਰਕਾਰਾਂ ਨੇ ਗੈਂਗਸਟਰਾਂ ਨੂੰ ਪਾਲਿਆ, ਮਾਨ ਸਰਕਾਰ ਉਨ੍ਹਾਂ ਦਾ ਸਫਾਇਆ ਕਰ ਰਹੀ ਹੈ: ਬਲਤੇਜ ਪੰਨੂ



ਚੰਡੀਗੜ੍ਹ, 21 ਨਵੰਬਰਆਮ ਆਦਮੀ ਪਾਰਟੀ (ਆਪ)ਪੰਜਾਬ ਦੇ ਸੀਨੀਅਰ ਆਗੂ ਅਤੇ ਜਨਰਲ ਸਕੱਤਰ ਬਲਤੇਜ ਪੰਨੂ ਨੇ ਅੱਜ ਇੱਕ ਬਿਆਨ ਵਿੱਚ ਕਿਹਾ ਕਿ ਪਿਛਲੇ 24 ਘੰਟਿਆਂ ਦੌਰਾਨ ਅੰਮ੍ਰਿਤਸਰ ਅਤੇ ਲੁਧਿਆਣਾ ਵਿੱਚ ਗੈਂਗਸਟਰਾਂ 'ਤੇ ਪੰਜਾਬ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਪੰਜਾਬ ਸਰਕਾਰ ਦੀਆਂ ਸਖ਼ਤ ਹਦਾਇਤਾਂ ਦਾ ਸਿੱਧਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੁਣ ਇੱਕ ਅਜਿਹੀ ਸਰਕਾਰ ਹੈ ਜੋ ਗੈਂਗਸਟਰਾਂ ਨੂੰ ਸਰਪ੍ਰਸਤੀ ਨਹੀਂ, ਉਨ੍ਹਾਂ ਦਾ ਸਫਾਇਆ ਕਰ ਰਹੀ ਹੈ। ਵਿਰੋਧੀ ਧਿਰ 'ਤੇ ਤਿੱਖਾ ਹਮਲਾ ਕਰਦਿਆਂ ਪੰਨੂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ (ਅਕਾਲੀ ਦਲ ਅਤੇ ਕਾਂਗਰਸ) ਨੇ ਆਪਣੇ ਕਾਰਜਕਾਲ ਦੌਰਾਨ ਇਨ੍ਹਾਂ ਗੈਂਗਸਟਰਾਂ ਨੂੰ ਰਾਜਨੀਤਿਕ ਸਰਪ੍ਰਸਤੀ ਦਿੱਤੀ ਅਤੇ ਉਨ੍ਹਾਂ ਨੂੰ ਵਧਣ-ਫੁੱਲਣ ਦਿੱਤਾ। ਪਰੰਤੂ ਮੁੱਖ ਮੰਤਰੀ ਭਗਵੰਤ ਮਾਨ ਦੀ ਗੈਂਗਸਟਰਾਂ ਪ੍ਰਤੀ "ਜ਼ੀਰੋ ਟਾਲਰੈਂਸ" ਨੀਤੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਿਸੇ ਵੀ ਗੈਂਗਸਟਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਕਾਨੂੰਨ ਤੋੜਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਪੰਜਾਬ ਦੀ ਕਾਨੂੰਨ ਵਿਵਸਥਾ ਹੁਣ ਪੂਰੀ ਤਰ੍ਹਾਂ ਸੁਰੱਖਿਅਤ ਹੱਥਾਂ ਵਿੱਚ ਹੈ। ਪੰਨੂ ਨੇ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਡਰਨ ਦੀ ਕੋਈ ਲੋੜ ਨਹੀਂ ਹੈ। 'ਆਪ' ਸਰਕਾਰ ਹਰ ਪੰਜਾਬੀ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ। ਪੰਜਾਬ ਦੀ ਅਮਨ-ਸ਼ਾਂਤੀ ਨੂੰ ਕਿਸੇ ਵੀ ਕੀਮਤ 'ਤੇ ਭੰਗ ਨਹੀਂ ਹੋਣ ਦਿੱਤਾ ਜਾਵੇਗਾ। ਗੈਂਗਸਟਰਾਂ ਅਤੇ ਅਪਰਾਧਿਕ ਤੱਤਾਂ ਵਿਰੁੱਧ ਆਪ ਸਰਕਾਰ ਦੀ ਇਹ ਕਾਰਵਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਪੂਰੀ ਤਰ੍ਹਾਂ "ਗੈਂਗਸਟਰ-ਮੁਕਤ ਸੂਬਾ ਨਹੀਂ ਬਣ ਜਾਂਦਾ।ਬਲਤੇਜ ਪੰਨੂ ਨੇ ਕਿਹਾ ਕਿ ਅਪਰਾਧ ਦਾ ਰਸਤਾ ਚੁਣਨ ਵਾਲਿਆਂ ਲਈ ਪੰਜਾਬ ਵਿੱਚ ਕੋਈ ਜਗ੍ਹਾ ਨਹੀਂ ਹੈ। ਉਨ੍ਹਾਂ ਅਪਰਾਧਿਕ ਤੱਤਾਂ ਨੂੰ ਚੇਤਾਵਨੀ ਦਿੱਤੀ ਉਹ ਜਾਂ ਤਾਂ ਅਪਰਾਧ ਛੱਡ ਦੇਣ ਜਾਂ ਸਖ਼ਤ ਨਤੀਜੇ ਭੁਗਤਣ ਲਈ ਤਿਆਰ ਰਹਿਣ।

## ਦਿੱਲੀ ਕਮੇਟੀ ਮੈਂਬਰ ਵਲੋਂ ਪਿਸ਼ਾਬਘਰ ਉਪਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਹੀਦੀ ਸਮਾਗਮ ਦਾ ਬੋਰਡ ਲਗਾ ਕੇ ਸਿੱਖਾਂ ਦੇ ਵਲੂੰਧਰੇ ਹਿਰਦੇ: ਪਰਮਜੀਤ ਸਿੰਘ ਵੀਰਜੀ

## ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਦਿੱਲੀ ਕਮੇਟੀ ਮੈਂਬਰ ਰਮਨਦੀਪ ਸਿੰਘ ਥਾਪਰ ਉਪਰ ਤੁਰੰਤ ਕਾਰਵਾਈ ਕਰਣ ਦੀ ਅਪੀਲ




ਨਵੀਂ ਦਿੱਲੀ 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਸਿੱਖ ਪੰਥ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖ ਭਾਈ ਸਤੀ ਦਾਸ ਜੀ, ਭਾਈ ਮਤੀਦਾਸ ਜੀ ਅਤੇ ਭਾਈ ਦਿਆਲਾ ਜੀ ਦਾ 350 ਸਾਲਾਂ ਸ਼ਹੀਦੀ ਦਿਹਾੜਾ ਬੜੇ ਉਤਸ਼ਾਹ ਨਾਲ ਮਨਾ ਰਹੀ ਹੈ । ਇਸ ਦੌਰਾਨ ਦੇਖਣ ਵਿਚ ਆਇਆ ਕਿ ਜੇਲ੍ਹ ਰੋਡ ਉਪਰ ਦਿੱਲੀ ਕਮੇਟੀ ਦੇ ਮੈਂਬਰ ਰਮਨਦੀਪ ਸਿੰਘ ਥਾਪਰ ਦੇ ਨਾਮ ਹੇਠ ਇਕ ਬੋਰਡ ਜੋ ਕਿ ਲਾਲ ਕਿੱਲੇ ਉਪਰ ਹੋਣ ਵਾਲੇ ਪ੍ਰੋਗਰਾਮ ਦਾ ਗੁਰਮੁੱਖੀ ਵਿਚ ਵੇਰਵਾ ਦੇਂਦਾ ਹੋਇਆ ਪਿਸ਼ਾਬਘਰ ਦੇ ਉਪਰ ਲਗਾ ਦਿੱਤਾ ਗਿਆ ਹੈ ਜਿਸ ਨੂੰ ਦੇਖ ਕੇ ਓਥੋਂ ਨਿਕਲ ਰਹੇ ਹਰ ਗੁਰਸਿੱਖ ਵੀਰ ਅਤੇ ਭੈਣ ਦਾ ਹਿਰਦਾ ਵਲੂੰਧਰਿਆ ਜਾ ਰਿਹਾ ਹੈ । ਇਸ ਬਾਰੇ ਓਥੋਂ ਦੀਆਂ ਸੰਗਤਾਂ ਨੇ ਇਸ ਮਾਮਲੇ ਲਈ ਸਰਦਾਰ ਪਰਮਜੀਤ ਸਿੰਘ ਵੀਰਜੀ ਨੂੰ ਮਿਲ ਕੇ ਦਸਿਆ ਕਿ ਅਸੀਂ ਇਸ ਬੋਰਡ ਨੂੰ ਹਟਾਉਣ ਲਈ ਰਮਨਦੀਪ ਸਿੰਘ ਥਾਪਰ ਨੂੰ ਮੁੱਖਾਤਬਿਕ ਹੁੰਦਿਆਂ ਇਕ ਵੀਡੀਓ ਵੀਂ ਜਾਰੀ ਕੀਤੀ ਹੈ, ਕਮੇਟੀ ਮੈਂਬਰ ਸਿੱਖ ਰਹਿਤ ਮਰਿਆਦਾ ਦੇ ਜਾਣੂ ਨਹੀਂ ਹੋਣ ਦੇ ਨਾਲ ਦਰਦਮੰਦ ਸਿੱਖ ਨਹੀਂ ਲਗ ਰਹੇ ਹਨ ਜੋ ਉਨ੍ਹਾਂ ਨੇ ਗਲਤ ਥਾਂ ਉਪਰ ਬੋਰਡ ਲਗਵਾਇਆ ਹੈ ਇਸ ਲਈ ਇੰਨ੍ਹਾ ਵਿਰੁੱਧ ਤਖਤ ਸਾਹਿਬ ਤੋਂ ਕਾਰਵਾਈ ਕਰਵਾਈ ਜਾਏ । ਇਸ ਬਾਰੇ ਗੱਲਬਾਤ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਦਸਿਆ ਕਿ ਸੰਗਤਾਂ ਵਲੋਂ ਸਾਨੂੰ ਵੀਡੀਓ ਅਤੇ ਫੋਟੋਆਂ ਦਿਖਾਈ ਗਈਆਂ ਹਨ ਕਿ ਇਕ ਬਹੁਤ ਗਲਤ ਥਾਂ ਉਪਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਪ੍ਰੋਗਰਾਮਾਂ ਦਾ ਵੇਰਵਾ ਦੇਂਦਾ ਬੋਰਡ ਲਗਾਇਆ ਗਿਆ ਹੈ । ਇਸ ਪਿੱਛੇ ਕਮੇਟੀ ਮੈਂਬਰ ਅਤੇ ਦਿੱਲੀ ਸਰਕਾਰ ਨੂੰ ਆਪਣਾ ਪੱਖ ਰੱਖਣਾ ਚਾਹੀਦਾ ਹੈ ਕਿ ਗੁਰਮੁੱਖੀ ਵਿਚ ਲਿਖਿਆ ਗਿਆ ਬੋਰਡ ਕਿਸ ਭਾਵਨਾਵਾਂ ਅਧੀਨ ਲਗਾ ਦਿੱਤਾ ਗਿਆ ਹੈ । ਉਨ੍ਹਾਂ ਕਿਹਾ ਕਿ ਕਮੇਟੀ ਮੈਂਬਰ ਰਮਨਦੀਪ ਥਾਪਰ ਨੂੰ ਗੁਰਮੁੱਖੀ ਦਾ ਇਹ ਬੋਰਡ ਗਲਤ ਥਾਂ ਉਪਰ ਲਗਵਾਣ ਤੋਂ ਪਹਿਲਾਂ ਸੋਚਣਾ ਚਾਹੀਦਾ ਸੀ ਕਿ ਓਹ ਪੰਥ ਦੀ ਭਾਵਨਾਵਾਂ ਨਾਲ ਖਿਲਵਾੜ ਕਰ ਰਹੇ ਹਨ, ਜ਼ੇਕਰ ਇਹ ਦਿੱਲੀ ਸਰਕਾਰ ਵਲੋਂ ਲਗਵਾਇਆ ਗਿਆ ਹੈ ਤਾਂ ਵੀਂ ਉਨ੍ਹਾਂ ਦਾ ਫਰਜ਼ ਬਣਦਾ ਸੀ ਕਿ ਓਹ ਹਰ ਓਸ ਥਾਂ ਨੂੰ ਦੇਖਣ ਜਿੱਥੇ ਜਿੱਥੇ ਬੋਰਡ ਲਗਾਏ ਗਏ ਹਨ ਕਿ ਓਹ ਥਾਂ ਤੇ ਬੋਰਡ ਲਗਾਣਾ ਚਾਹੀਦਾ ਹੈ ਜਾ ਨਹੀਂ । ਉਨ੍ਹਾਂ ਦਸਿਆ ਕਿ ਸੰਗਤਾਂ ਵਲੋਂ ਦਿਖਾਈ ਗਈ ਵੀਡੀਓ ਵਿਚ ਦੇਖਣ ਨੂੰ ਮਿਲਿਆ ਕਿ ਬੋਰਡ ਦੇ ਬਿਲਕੁਲ ਨਾਲ ਦੇ ਪਾਸੇ ਤੇ ਬੰਦੇ ਪਿਸ਼ਾਬ ਵੀਂ ਕਰਦੇ ਹੋਏ ਨਜਰੀ ਪੈ ਰਹੇ ਹਨ । ਉਨ੍ਹਾਂ ਕਿਹਾ ਕਿ ਇਕ ਆਮ ਸਿੱਖ ਵੀਂ ਇਤਨੀ ਗਲਤ ਹਰਕਤ ਨਹੀਂ ਕਰ ਸਕਦਾ ਫਿਰ ਇਹ ਤਾਂ ਦਿੱਲੀ ਕਮੇਟੀ ਦੇ ਮੈਂਬਰ ਹਨ ਤੇ ਗਲਤ ਥਾਂ ਤੇ ਬੋਰਡ ਲਗਵਾਦਿਆਂ ਉਨ੍ਹਾਂ ਕੁਝ ਵੀਂ ਸ਼ਰਮਿੰਦਾ ਨਹੀਂ ਹੋਏ । ਉਨ੍ਹਾਂ ਕਿਹਾ ਕਿ ਅਸੀਂ ਕਾਰਜਕਾਰੀ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਅਪੀਲ ਕਰਦੇ ਹੋਏ ਇਕ ਪੱਤਰ ਲਿਖ ਰਹੇ ਹਾਂ ਕਿ ਇਸ ਅਤਿ ਗੰਭੀਰ ਮਾਮਲੇ ਨੂੰ ਪਹਿਲ ਦੇ ਆਧਾਰ ਤੇ ਲੈ ਕੇ ਕਮੇਟੀ ਮੈਂਬਰ ਅਤੇ ਦਿੱਲੀ ਸਰਕਾਰ ਨੂੰ ਕਾਰਣ ਦਸੋ ਨੌਟਿਸ ਜਾਰੀ ਕੀਤਾ ਜਾਏ ਅਤੇ ਦੋਸ਼ ਸਾਬਿਤ ਹੋਣ ਤੇ ਕਮੇਟੀ ਮੈਂਬਰ ਉਪਰ ਬਣਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ । ਉਨ੍ਹਾਂ ਦਸਿਆ ਕਿ ਇਸ ਬੋਰਡ ਨੂੰ ਹਟਾਉਣ ਲਈ ਰਮਨਦੀਪ ਸਿੰਘ ਥਾਪਰ ਨੂੰ ਮੁੱਖਾਤਬਿਕ ਹੁੰਦਿਆਂ ਸੰਗਤਾਂ ਵਲੋਂ ਵੀਡੀਓ ਵੀਂ ਜਾਰੀ ਕੀਤੀ ਹੈ ਜੋ ਕਿ ਬਹੁਤ ਵਾਇਰਲ ਵੀਂ ਹੋ ਰਹੀ ਹੈ ਪਰ ਬੋਰਡ ਨੂੰ ਨਹੀਂ ਹਟਾਇਆ ਗਿਆ ਹੈ । ਵੀਰ ਜੀ ਨੇ ਕਿਹਾ ਕਿ ਦਿੱਲੀ ਸਰਕਾਰ ਅਤੇ ਕਮੇਟੀ ਦਾ ਮੈਂਬਰ ਦਾ ਆਪਣਾ ਨਿੱਜੀ ਫਰਜ਼ ਬਣਦਾ ਹੈ ਕਿ ਓਹ ਹਰ ਬੋਰਡ ਨੂੰ ਸੁਚੱਜੀ ਥਾਂ ਉਪਰ ਲਗਵਾਣਾ ਚਾਹੀਦਾ ਹੈ ਜਿਸ ਨਾਲ ਕਿਸੇ ਦਾ ਵੀਂ ਹਿਰਦਾ ਦੁੱਖੀ ਨਾ ਹੋਏ

# ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ (ਰਜਿ 36)ਬਰਾਂਚ ਰੋਪੜ ਤੇ ਮੋਹਾਲੀ ਦਾ ਚੋਣ ਅਜਲਾਸ ਹੋਇਆ

## ਬਲਜਿੰਦਰ ਸਿੰਘ ਕਜੌਲੀ ਨੂੰ ਪ੍ਰਧਾਨ, ਅਮਰੀਕ ਸਿੰਘ ਖਿਜਰਾਬਾਦ ਨੂੰ ਜਨਰਲ ਸਕੱਤਰ ਚੁਣਿਆ ਗਿਆ

Desi Punjab YouTube www.desipunjab.in



ਮਲਾਗਰ ਖਮਾਣੋਂ ਮੋਰਿੰਡਾ 21, ਨਵੰਬਰ ਪੀ ਡਬਲਿਊ ਡੀ ਭਵਨ ਤੇ ਮਾਰਗ, ਜਲ ਸਪਲਾਈ ਅਤੇ ਸੈਨੀਟੇਸ਼ਨ, ਡਰੇਨਜ਼ , ਸਿੰਚਾਈ ਤੇ ਸੀਵਰੇਜ ਬੋਰਡ ਦੇ ਫੀਲਡ ਮੁਲਾਜ਼ਮਾਂ ਦੀ ਜਥੇਬੰਦੀ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ( ਰਜਿ ) ਬਰਾਂਚ ਰੋਪੜ ਐਂਡ ਮੋਹਾਲੀ ਦਾ ਚੋਣ ਅਜਲਾਸ ਸੂਬਾ ਪ੍ਰਧਾਨ ਮਲਾਗਰ ਸਿੰਘ ਖਮਾਣੋ ਦੀ ਪ੍ਰਧਾਨਗੀ ਹੇਠ ਵਾਟਰ ਵਰਕਸ ਕਜੌਲੀ ਵਿਖੇ ਹੋਇਆ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਜੋਨ ਕਮੇਟੀ ਦੇ ਚੇਅਰਮੈਨ ਦੀਦਾਰ ਸਿੰਘ ਢਿੱਲੋ ਨੇ ਦੱਸਿਆ ਕਿ ਚੋਣ ਇਜਰਾਸ ਦੌਰਾਨ ਦੋ ਸਾਲਾਂ ਲਈ ਯੂਨੀਅਨ ਦੇ ਅਹੁਦੇਦਾਰਾਂ ਦੀ ਦੋ ਸਾਲਾਂ ਲਈ ਸਰਬਸੰਮਤੀ ਨਾਲ ਚੋਣ ਅਜਲਾਸ ਹੋਇਆ ।ਜਿਸ ਵਿੱਚ ਬਲਜਿੰਦਰ ਸਿੰਘ ਕਜੌਲੀ ਪ੍ਰਧਾਨ, ਸੁਖਦੇਵ ਸਿੰਘ ਸੀਨੀਅਰ ਮੀਤ ਪ੍ਰਧਾਨ, ਮਨਦੀਪ ਸਿੰਘ ਸੰਗਤਪੁਰਾ ਮੀਤ ਪ੍ਰਧਾਨ, ਹਿੰਮਤ ਸਿੰਘ ਮੜੌਲੀ ਮੀਤ ਪ੍ਰਧਾਨ, ਅਮਰੀਕ ਸਿੰਘ ਖਿਜਰਾਬਾਦ ਜਰਨਲ ਸਕੱਤਰ, ਤਰਲੋਚਨ ਸਿੰਘ ਗੁੰਨੋਂ ਮਾਜਰਾ ਕੈਸ਼ੀਅਰ ,ਸਰੂਪ ਸਿੰਘ ਮਾਜਰੀ ਪ੍ਰੈਸ ਸਕੱਤਰ ,ਦਲਜੀਤ ਸਿੰਘ ਘਨੌਲੀ ਜੁਆਇਟ ਸਕੱਤਰ, ਹਰਮੀਤ ਸਿੰਘ ਡੇਕਵਾਲਾ ਮੁੱਖ ਸਲਾਹਕਾਰ ,ਬ੍ਰਹਮਪਾਲ ਸਹੋਤਾ ਨੂੰ ਚੇਅਰਮੈਨ ਚੁਣਿਆ ਗਿਆ।

# ਸ਼੍ਰੀ ਆਨੰਦਪੁਰ ਸਾਹਿਬ ਨਾਲ ਰੋਪੜ੍ਹ ਨੂੰ ਜੋੜਨ ਦੀਆ ਚਰਚਾਵਾਂ ਦਾ ਦੌਰ ਤੇਜ਼ ਇਲਾਕੇ ਦੇ ਲੋਕ ਦੁਚੀਤੀ ਵਿੱਚ ਫਸੇ

Desi Punjab YouTube www.desipunjab.in

## ਕਿਹਾ- ਜਿਵੇ ਪਹਿਲਾਂ ਹੀ ਚੱਲ ਰਿਹਾ ਉਵੇ ਹੀ ਰਹਿਣ ਦਿੱਤਾ ਜਾਵੇ :ਵੱਖ ਵੱਖ ਆਗੂ

ਨਵਾਂਸ਼ਹਿਰ 21 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ ) ਸ਼੍ਰੀ ਆਨੰਦਪੁਰ ਸਾਹਿਬ ਦੀ ਧਰਤੀ ਤੇ ਹੋਣ ਵਾਲੇ 24 ਨਵੰਬਰ ਵਾਲੇ ਦਿਨ ਵਿਸ਼ੇਸ਼ ਸ਼ੈਸਨ ਦੌਰਾਨ ਨਵਾਂ ਜਿਲ੍ਹਾਂ ਬਣਾਉਣ ਦੀਆਂ ਚਰਚਾਵਾਂ ਨੇ ਹਰ ਪਾਸੇ ਜ਼ੋਰ ਫੜਿਆਂ ਹੋਇਆ ਹੈ | ਜਦਕਿ ਦੂਸਰੇ ਪਾਸੇ ਲੋਕਾਂ ਦੀਆਂ ਪਰਸ਼ੇਨੀਆ ਵੀ ਵੱਧਦੀਆ ਨਜ਼ਰ ਆ ਰਹੀਆਂ ਹਨ | ਜਦਕਿ ਸ਼੍ਰੀ ਆਨੰਦਪੁਰ ਸਾਹਿਬ ਦੇ ਵਾਸੀਆਂ ਨੂੰ ਇਕ ਨਵੀਂ ਆਸ ਪੂਰੀ ਹੋਣ ਦੀ ਉਮੀਦ ਪੂਰੀ ਹੁੰਦੀ ਲੱਗ ਰਹੀ ਹੈ | ਦੂਜੇ ਪਾਸੇ ਲੋਕਾਂ ਨਵੇ ਜਿਲ੍ਹੇ ਨੂੰ ਲੋਕਾਂ ਦੇ ਮਨਾਂ ਵਿਚ ਬਹੁਤ ਹੀ ਗੁੱਸਾ ਪਾਇਆ ਜਾ ਰਿਹਾ ਹੈ। ਅਤੇ ਵਿਰੋਧ ਲਗਾਤਾਰ ਜਾਰੀ ਹੈ | ਪਹਿਲਾਂ ਵੀ ਕਈ ਵਾਰ ਰੋਪੜ੍ਹ ਨੂੰ ਸ਼੍ਰੀ ਆਨੰਦਪੁਰ ਸਾਹਿਬ ਨਾਲ ਜੋੜਨ ਦੀਆਂ ਚਰਚਾਵਾਂ ਤੇਜ਼ ਹੋਈਆ ਪਰ ਲੋਕਾਂ ਵਲੋਂ ਇਸਦਾ ਵਿਰੋਧ ਕੀਤਾ ਗਿਆ |ਪਰ ਇਸ ਦੇ ਵਿਰੋਧ ਕਰਦੇ ਹੋਏ ਇਲਾਕੇ ਦੇ ਵੱਖ ਆਗੂਆਂ ਜਿਹਨਾਂ ਵਿਚ ਜੱਥੇਦਾਰ ਸੁਰਜੀਤ ਸਿੰਘ ਦੋਭਾਲੀ ਸਟੇਟ ਡੇਲੀਗੇਟ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ , ਗੁਰਪ੍ਰੀਤ ਗੁੱਜਰ ਰੈਲਮਾਜਰਾ







ਸੀਨੀਅਰ ਅਕਾਲੀ ਆਗੂ ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਸੀਨੀਅਰ ਕਾਂਗਰਸੀ ਆਗੂ ਵਿੱਕੀ ਚੋਧਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਦੋਂ ਦੀ ਸਤਾ ਵਿਚ ਆਈ ਹੋਈ ਹੈ ਉਦੋਂ ਦੇ ਇਹਨਾਂ ਦੇ ਵਿਧਾਇਕ ਹਰ ਰੋਜ਼ ਨਵੇਂ ਅਤੇ ਬੇਤੁਕੇ ਬਿਆਨ ਦੇ ਬਿਆਨ ਦੇ ਹਰ ਰੋਜ਼ ਸੁੱਰਖਿਆ ਬਟੋਰ ਰਹੇ ਜਿਸ ਦੀ ਤਾਜ਼ਾ ਮਿਸਾਲ ਚਮਕੌਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾਕਟਰ ਚਰਨਜੀਤ ਸਿੰਘ ਚੰਨੀ ਵਲੋਂ ਕੀਤੀ ਦਸਵੀਂ ਪਾਸ ਬੰਦੇ ਦੀ ਗੱਲ ਬਰਦਾਸ਼ਤ ਨਹੀ ਕਰ ਸਕਦਾ ਦੇ ਬਿਆਨ ਦਾ ਲੋਕਾਂ ਵਲੋਂ ਡਟ ਕੇ ਵਿਰੋਧ ਕੀਤਾ ਗਿਆ | ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਕਿ ਦਸਵੀਂ ਪਾਸ ਲੋਕਾਂ ਨੇ ਉਨਾਂ ਨੂੰ ਵੋਟਾਂ ਨਹੀ ਪਾਈਆ | ਆਮ ਆਦਮੀ ਪਾਰਟੀ ਦੇ ਵਿਧਾਇਕ ਵਲੋਂ ਗਲਤ ਟਿੱਪਣੀ ਕਰਕੇ ਲੋਕਾਂ ਦਾ ਮਨਾ ਨੂੰ ਭਾਰੀ ਠੇਸ ਪਹੁੰਚਾਈ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਿਧਾਇਕ ਵਲੋਂ ਪਹਿਲਾਂ ਬਿਨਾਂ ਸੋਚੇ ਬੋਲ ਕੇ ਗਲਤ ਬਿਆਨਬਾਜ਼ੀ ਕਰਕੇ ਸਭ ਤੋਂ ਸੋਖਾ ਤਰੀਕਾ ਬਾਅਦ ਵਿੱਚ ਮਾਫੀ ਮੰਗ ਲਈ ਜਾਂਦੀ ਹੈ ਜੋ ਕਿ ਨਿੰਦਾਯੋਗ ਹੈ | ਉਨ੍ਹਾਂ ਨੇ ਕਿਹਾ ਕਿ ਬਲਾਚੌਰ ਤੋਂ ਗੜ੍ਹਸ਼ੰਕਰ ਇਲਾਕੇ ਦੇ ਪਿੰਡਾਂ ਵਲੋਂ ਸ਼੍ਰੀ ਆਨੰਦਪੁਰ ਸਾਹਿਬ ਨਾਲ ਜੋੜਨ ਦੀਆ ਚਰਚਾਵਾਂ ਦਾ ਡੱਟ ਕੇ ਵਿਰੋਧ ਕੀਤਾ ਜਾ ਰਿਹਾ ਹੈ | ਨਵਾਂ ਜਿਲ੍ਹਾਂ ਬਣਾਉਣ ਦੀਆਂ ਦੀਆਂ ਚਰਚਾਵਾਂ ਨੇ ਹਰ ਪਾਸੇ ਲੋਕਾਂ ਨੂੰ ਭੰਬਲਭੂਸੇ ਵਿਚ ਪਾਇਆ ਹੋਇਆ ਹੈ ਜਿਸ ਨੂੰ ਲੈ ਕੇ ਹਰ ਪਾਸੇ ਨਵੀਆਂ ਤੋਂ ਨਵੀਆਂ ਅਫਵਾਹਾਂ ਦਾ ਦੋਰ ਨੇ ਹਰ ਪਾਸੇ ਪੂਰੀ ਤਰ੍ਹਾਂ ਨਾਲ ਸਰਗਰਮ ਹੋਇਆ ਪਿਆ ਹੈ। ਕਈ ਇਲਾਕਿਆਂ ਦੇ ਵਲੋਂ ਆਮ ਆਦਮੀ ਪਾਰਟੀ ਦੇ ਖਿਲਾਫ ਵਿਚ ਲੋਕਾਂ ਦੀ ਵੱਡੇ ਪੱਧਰ ਤੇ ਨਰਾਜ਼ਗੀ ਪਾਈ ਜਾ ਰਹੀ ਹੈ |ਜਿਸ ਦਾ ਖਮਿਆਜ਼ਾ ਆਉਣ ਵਾਲੀਆਂ 2027 ਦੀਆਂ ਚੋਣਾਂ ਵਿਚ ਭੁੰਗਤਨਾ ਪਵੇਗਾ

ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਈ ਵਿਧਾਇਕਾਂ ਤੇ ਸਿਆਸੀ ਦਬਾਅ ਕਾਫੀ ਵੱਧ ਗਿਆ ਹੈ | ਲੋਕਾਂ ਦਾ ਕਹਿਣਾ ਹੈ ਕਿ ਆਮ ਆਦਮੀ ਪਾਰਟੀ ਦੇ ਸ੍ਰੀ ਆਨੰਦਪੁਰ ਸਾਹਿਬ ਹਲਕੇ ਨੂੰ ਛੱਡ ਕੇ ਬਾਕੀ ਕਈ ਹੋਰ ਇਲਾਕਿਆਂ ਦੇ ਵਿਧਾਇਕ ਜਿਲ੍ਹੇਂ ਦੀ ਵੰਡ ਨੂੰ ਲੈ ਕੇ ਅੰਦਰਖਾਤੇ ਨਰਾਜ਼ ਹਨ | ਉਹ ਆਪਣੀ ਨਰਾਜ਼ਗੀ ਵੀ ਜ਼ਾਹਿਰ ਕਰ ਚੁੱਕੇ ਹਨ ਪਰ ਉਨ੍ਹਾਂ ਦੀ ਕੋਈ ਵੀ ਸੁਣਵਾਈ ਨਹੀਂ ਹੋਈ | ਸ਼੍ਰੀ ਆਨੰਦਪੁਰ ਸਾਹਿਬ ਵਿੱਚ ਹੋਣ ਵਾਲੇ ਵਿਸ਼ੇਸ਼ ਸ਼ੈਸਨ ਤੇ ਲੋਕਾਂ ਦੀਆ ਨਜ਼ਰਾਂ ਟਿਕਿਆ ਹੋਈਆ ਹਨ | ਜਿਲ੍ਹਾਂ ਬਨਣ ਦਾ ਐਲਾਨ ਹੋਵੇ ਜਾ ਨਾ ਹੋਵੇ ਪਰ ਚਰਚਾਵਾਂ ਦਾ ਦੌਰ ਲਗਾਤਾਰ ਗਰਮ ਚੱਲ ਰਿਹਾ ਹੈ |

# ਫਿਲੀਪੀਨ ਦੇ ਬਕੋਲਡ ਸ਼ਹਿਰ ਦੇ ਰੋਟਰੀ ਕਲੱਬ ਦੇ ਪ੍ਰਧਾਨ ਦਾ ਮਲੇਰਕੋਟਲਾ ਪਹੁੰਚਣ ਤੇ ਰੋਟਰੀ ਕਲੱਬ ਮਲੇਰਕੋਟਲਾ ਵੱਲੋਂ ਸ਼ਾਨਦਾਰ ਸਵਾਗਤ

Desi Punjab YouTube www.desipunjab.in



ਮਲੇਰਕੋਟਲਾ 21 ਨਵੰਬਰ (ਗੁਰਤੇਜ ਜੋਸ਼ੀ) ਫਿਲੀਪੀਨ ਦੇ ਬਕੋਲਡ ਸ਼ਹਿਰ ਵਿੱਚ ਚੁਣੇ ਗਏ ਰੋਟਰੀ ਕਲੱਬ ਦੇ ਪ੍ਰਧਾਨ ਰਵਿੰਦਰ ਸਿੰਘ ਵਿੱਕੀ ਦਾ ਮਲੇਰਕੋਟਲਾ ਪਹੁੰਚਣ ਤੇ ਸਥਾਨਕ ਕਲੱਬ ਵਿੱਚ ਅੱਜ ਰੋਟਰੀ ਕਲੱਬ ਮਾਲੇਰਕੋਟਲਾ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਤੇ ਰਵਿੰਦਰ ਸਿੰਘ ਨੇ ਫਿਲੀਪੀਨ ਦੇਸ਼ ਵਿਚ ਰੋਟਰੀ ਸਬੰਧੀ ਆਪਣੇ ਤਜਰਬੇ ਸਾਂਝੇ ਕਰਦੇ ਹੋਏ ਦੱਸਿਆ ਕਿ ਰੋਟਰੀ ਇੰਟਰਨੈਸ਼ਨਲ ਦੁਨੀਆਂ ਦੇ ਬਾਕੀ ਦੇਸ਼ਾਂ ਦੀ ਤਰ੍ਹਾਂ ਸਮਾਜ ਸੇਵਾ ਦੇ ਕੰਮਾਂ ਵਿੱਚ ਫਿਲੀਪੀਨ ਦੇ ਵਿੱਚ ਵੀ ਬਹੁਤ ਸਰਗਰਮ ਹੈ ਪਛੜੇ ਹੋਏ ਵਰਗਾਂ ਦੀ ਸਹਾਇਤਾ ਕਰਨਾ, ਵਾਤਾਵਰਨ ਦੀ ਸੰਭਾਲ ਕਰਨਾ ਲਈ ਕੋਸ਼ਿਸ਼ਾਂ ਕਰਨਾ, ਬਿਮਾਰੀਆਂ ਤੋਂ ਬਚਾਓ ਲਈ ਲੋਕਾਂ ਨੂੰ ਜਾਗਰੂਕ ਕਰਨਾ, ਅੱਖਾਂ ਦੇ ਅਪਰੇਸ਼ਨਾਂ ਦੇ ਮੁਫਤ ਕੈਂਪ ਲਗਾਉਣਾ ਅਤੇ ਲੋੜਵੰਦ ਗਰੀਬ ਬੱਚਿਆਂ ਦੀ ਸਿੱਖਿਆ ਦਾ ਪ੍ਰਬੰਧ ਕਰਨਾ ਆਦਿ ਸਬੰਧੀ ਪ੍ਰੋਜੈਕਟਾਂ ਤੇ ਰੋਟਰੀ ਕਲੱਬ ਬਕੋਲਡ ਕੰਮ ਕਰ ਰਿਹਾ ਹੈ। ਰਵਿੰਦਰ ਸਿੰਘ ਵਿੱਕੀ ਨੇ ਦੱਸਿਆ ਕਿ ਸਾਡੀ ਕਲੱਬ ਵੱਲੋਂ'ਰੁੱਖ ਲਗਾਓ' ਮੁਹਿੰਮ ਨਾਲ ਲੋਕਾਂ ਨੂੰ ਜੋੜ ਕੇ ਰੱਖਣ ਦੇ ਲਈ ਉੱਥੋਂ ਦੇ ਵਸਨੀਕਾਂ ਨੂੰ ਫਲਦਾਰ ਬੂਟੇ ਵੰਡਣ ਤੋਂ ਬਾਅਦ ਇਹਨਾਂ ਬੂਟਿਆਂ ਦੇ ਫਲਾਂ ਨੂੰ ਖਰੀਦਣ ਦਾ ਭਰੋਸਾ ਰੋਟਰੀ ਕਲੱਬ ਦੇ ਮੈਂਬਰ ਦਿੰਦੇ ਹਨ।। ਉਹਨਾਂ ਅੱਗੇ ਕਿਹਾ ਕਿ ਰੋਟਰੀ ਇੰਟਰਨੈਸ਼ਨਲ ਇੱਕ ਅਜਿਹੀ ਐਨ ਜੀ ਓ ਹੈ ਜੋ ਦੁਨੀਆ ਭਰ ਦੇ ਲੋਕਾਂ ਨੂੰ ਬਿਨਾਂ ਕਿਸੇ ਭੇਦ ਭਾਵ ਦੇ ਆਪਸ ਵਿੱਚ ਜੋੜਨ ਦਾ ਕੰਮ ਕਰਦੀ ਹੈ ਅਤੇ ਦੁਨੀਆ ਭਰ ਦੇ ਲੋੜਵੰਦਾਂ, ਪੀੜਤਾਂ ਅਤੇ ਬਿਮਾਰਾਂ ਦੀ ਮਦਦ ਕਰਦੀ ਹੈ। ਇਸ ਮੌਕੇ ਤੇ ਰੋਟਰੀ ਕਲੱਬ ਮਲੇਰ ਕੋਟਲਾ ਦੇ ਪ੍ਰਧਾਨ ਡਾਕਟਰ ਸਈਅਦ ਤਨਵੀਰ ਹੁਸੈਨ ਨੇ ਕਿਹਾ ਕਿ ਇਹ ਸਾਡੇ ਸ਼ਹਿਰ ਦੇ ਲਈ ਅਤੇ ਸਾਡੇ ਦੇਸ਼ ਦੇ ਲਈ ਮਾਣ ਦੀ ਗੱਲ ਹੈ ਕਿ ਮਲੇਰਕੋਟਲਾ ਦੇ ਨੇੜਲੇ ਪਿੰਡ ਮਿੱਠੇਵਾਲ ਦੇ ਜੰਮਪਲ ਰਵਿੰਦਰ ਸਿੰਘ ਵਿਕ ਨੇ ਫਿਲੀਪੀਨ ਵਿੱਚ ਜਾ ਕੇ ਰੋਟਰੀ ਕਲੱਬ ਬਕੋਲਡ ਦਾ ਪ੍ਰਧਾਨ ਬਣ ਕੇ ਇਲਾਕੇ ਦਾ ਨਾਮ ਚਮਕਾਇਆ ਹੈ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਸੀਂ ਅੰਤਰਰਾਸ਼ਟਰੀ ਪੱਧਰ ਤੇ ਲੋਕ ਸੇਵਾ ਦੇ ਸਾਂਝੇ ਪ੍ਰੋਜੈਕਟਸ ਵੀ ਉਲੀਕ ਸਕਦੇ ਹਾਂ।

# ਸ਼੍ਰੀ ਗੁਰੂ ਤੇਗ਼ ਬਹਾਦੁਰ "ਹਿੰਦ ਦੀ ਚਾਦਰ" ਜੀ ਦੇ 350 ਸਾਲਾ ਸ਼ਹੀਦੀ ਪੂਰਬ ਨੂੰ ਸਮਰਪਿਤ

## ਇਤਿਹਾਸਿਕ ਲਾਈਟ ਐਂਡ ਸ਼ੋਅ ਮਾਨਸਾ ਦੇ ਖੇਡ ਸਟੇਡੀਅਮ ਵਿਖੇ ਕਰਵਾਇਆ ਗਿਆ

ਮਾਨਸਾ, 21 ਸਤੰਬਰ:- (ਗੁਰਪ੍ਰੀਤ ਧਾਲੀਵਾਲ) ਪੰਜਾਬ ਸਰਕਾਰ ਦੁਆਰਾ ਮਾਨਸਾ ਦੇ ਨਹਿਰੂ ਮੈਮੋਰੀਅਲ ਕਾਲਜ ਵਿਖੇ ਸ਼੍ਰੀ ਗੁਰੂ ਤੇਗ਼ ਬਹਾਦਰ "ਹਿੰਦ ਦੀ ਚਾਦਰ" ਜੀ ਦੇ 350 ਸਾਲਾ ਸ਼ਹੀਦੀ ਪੂਰਬ ਨੂੰ ਲੈਕੇ ਹੋਏ ਇਤਿਹਾਸਿਕ ਲਾਈਟ ਐਂਡ ਸ਼ੋਅ ਕਰਵਾਇਆ ਗਿਆ। ਜਿਸ ਵਿੱਚ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵਿਸ਼ੇਸ਼ ਤੌਰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚੇ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦਸਦਿਆਂ ਕਿਹਾ ਕਿ 9ਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਜੀ ਸ਼ਾਂਤੀ, ਤਿਆਗ ਅਤੇ ਧਰਮ ਦੀ ਰੱਖਿਆ ਲਈ ਅਮਰ ਬਲੀਦਾਨ ਦਾ ਪ੍ਰਤੀਕ ਹਨ। ਜਿਨ੍ਹਾਂ ਦਾ ਜੀਵਨ ਸੰਦੇਸ਼ ਅੱਜ ਵੀ ਮਨੁੱਖਤਾ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ 350 ਸਾਲਾ ਸ਼ਤਾਬਦੀ ਨੂੰ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਜਿਸ ਦੀ ਲੜੀ ਤਹਿਤ ਅੱਜ ਬਹੁਮੰਤਵੀ ਖੇਡ ਸਟੇਡੀਅਮ, ਨਹਿਰੂ ਮੈਮੋਰੀਅਲ ਸਰਕਾਰੀ ਕਾਲਜ, ਮਾਨਸਾ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਗਿਆ ਹੈ। ਸਾਡੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਜੀ ਹਮੇਸ਼ਾ ਹੀ ਪੰਜਾਬ ਦੀ ਜਵਾਨੀ, ਕਿਸਾਨੀ ਅਤੇ ਪੰਜਾਬ ਦੇ ਵਿਰਸੇ ਨੂੰ ਸੰਭਾਲਣ ਲਈ ਅਜਿਹੇ ਕਾਰਜ ਪਹਿਲ ਦੇ ਆਧਾਰ ਕਰਦੇ ਰਹਿਣਗੇ। ਇਸ ਮੌਕੇ ਤੇ ਹਲਕਾ ਵਿਧਾਇਕ ਡਾਕਟਰ ਵਿਜੈ ਸਿੰਗਲਾ ਨੇ ਨਸਮਤਕ ਹੁੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਮੁੱਖ ਰੱਖਦਿਆਂ ਲਾਈਟ ਐਂਡ ਸਾਊਂਡ ਸ਼ੋਅ ਸਾਰੇ ਪੰਜਾਬ ਵਿੱਚ ਕਰਵਾਇਆ ਗਿਆ ਹੈ ਤਾਂ ਜ਼ੋ ਸਾਡੀ ਨੌਜਵਾਨ ਪੀੜ੍ਹੀ ਨੂੰ ਇਨ੍ਹਾਂ ਮਹਾਨ ਸ਼ਹੀਦਾਂ ਦੇ ਜੀਵਨ ਅਤੇ ਬਲੀਦਾਨ ਬਾਰੇ ਪਤਾ ਹੋਵੇ। ਮੈਂ ਸਮੂਹ ਸੰਗਤਾਂ ਨੂੰ ਅਪੀਲ ਕਰਦਾ ਹਾਂ ਕਿ 23 ਤੋਂ 25 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਜ਼ਰੂਰ ਨਤਮਸਤਕ ਹੋਣ । ਹਲਕਾ ਬੁਢਲਾਡਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਇਨ੍ਹਾਂ ਮਹਾਨ ਸ਼ਹੀਦਾਂ ਦੇ ਜੀਵਨ ਅਤੇ ਸ਼ਹਾਦਤ ਦੇ ਬਾਰੇ ਜਰੂਰ ਦੱਸਣਾ ਚਾਹੀਦਾ ਹੈ ਤਾਂ ਜ਼ੋ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਮਹਾਨ ਸ਼ਹੀਦਾਂ ਅਤੇ ਗੁਰੂਆਂ ਦੇ ਜੀਵਨ ਦਾ ਪਤਾ ਲੱਗੇ। ਇਸ ਮੌਕੇ ਤੇ ਕਥਾਵਾਚਕਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਬਾਰੇ ਕਵਿਤਾ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ। ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਭੁੱਚਰ ਨੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਪਹੁੰਚਣ ਤੇ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਕਰਵਾਏ ਇਸ ਸਮਾਗਮ ਵਿੱਚ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਸਭ ਨੇ ਗੁਰੂ ਸਾਹਿਬ ਜੀ ਦੀ ਕੁਰਬਾਨੀ ਨੂੰ ਯਾਦ ਕਰ ਇਹ ਮਾਣ ਮਹਿਸੂਸ ਕਰ ਰਹੇ ਹਨ ਕਿ ਅਸੀਂ ਇਨ੍ਹਾਂ ਮਹਾਨ ਸ਼ਹੀਦਾਂ ਦੇ ਵਾਰਿਸ ਹਾਂ। ਸਾਡੇ ਪੁਰਖਿਆ ਦੀਆਂ ਕੁਰਬਾਨੀਆਂ ਤੋਂ ਮਿਲੀ ਸਾਡੀ ਕੌਮ ਨੂੰ ਅਣਮੁੱਲੀ ਦਾਤ "ਸਿੱਖੀ" ਜੋ ਸਾਡੇ ਹਿੱਸੇ ਆਈ ਹੈ। ਅੰਤ ਵਿੱਚ ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਪੰਜਾਬ ਸਰਕਾਰ ਦਾ ਅਤੇ ਸਾਰੀ ਇੱਥੇ ਪਹੁੰਚੀ ਸੰਗਤ ਦਾ ਦਿੱਲੋਂ ਧੰਨਵਾਦ ਕੀਤਾ। ਇਸ ਮੌਕੇ ਤੇ ਜ਼ਿਲ੍ਹਾ ਜਨਰਲ ਸਕੱਤਰ ਕ੍ਰਿਸ਼ਨ ਸਿੰਘ ਧਾਲੀਵਾਲ, ਜ਼ਿਲ੍ਹਾ ਮਹਿਲਾ ਵਿੰਗ ਦੀ ਪ੍ਰਧਾਨ ਸ਼ਰਨਜੀਤ ਕੌਰ ਰਾਮਗੜ੍ਹੀਆ, ਸੀਨੀਅਰ ਆਗੂ ਪੁਸ਼ਪਿੰਦਰ ਸਿੰਘ ਚਹਿਲ, ਜ਼ਿਲ੍ਹਾ ਸੋਸ਼ਲ ਮੀਡੀਆ ਗੁਰਪ੍ਰੀਤ ਸਿੰਘ ਜਟਾਣਾਂ, ਹਰਜੀਤ ਸਿੰਘ ਦੰਦੀਵਾਲ ਸੂਬਾ ਸਕੱਤਰ ਟ੍ਰੇਡ ਵਿੰਗ ਪੰਜਾਬ, ਕਿਰਤਪਾਲ ਸਿੰਘ ਕਿਰਤੀ ਜ਼ਿਲ੍ਹਾ ਇੰਚਾਰਜ ਐਸ ਸੀ ਵਿੰਗ, ਹਰਦੇਵ ਸਿੰਘ ਉਲਕ ਹਲਕਾ ਸੰਗਠਨ ਇੰਚਾਰਜ ਸਰਦੂਲਗੜ੍ਹ ਅਤੇ ਮੈਂਬਰ ਜ਼ਿਲ੍ਹਾ ਯੋਜਨਾ ਬੋਰਡ ਮਾਨਸਾ, ਕੁਲਦੀਪ ਸਿੰਘ ਟੀਟੂ ਹਲਕਾ ਸੰਗਠਨ ਇੰਚਾਰਜ ਅਤੇ ਮੈਂਬਰ

# ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਵਿਖ਼ੇ ਸਾਲਾਨਾ ਐਥਲੈਟਿਕ ਮੀਟ 2025 ਦਾ ਕੀਤਾ ਆਯੋਜਨ

Desi Punjab YouTube www.desipunjab.in






ਰੂਪਨਗਰ, 21 ਨਵੰਬਰ (ਅਜੈ ਪੁਰੀ)ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਨੇ ਆਪਣੀ ਸਲਾਨਾ ਗ੍ਰੈਂਡ ਐਥਲੈਟਿਕ ਮੀਟ 2025 ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ, ਜਿਸ ਵਿੱਚ ਵਿਦਿਆਰਥੀਆਂ, ਫੈਕਲਟੀ ਅਤੇ ਪਤਵੰਤਿਆਂ ਨੂੰ ਖੇਡ ਭਾਵਨਾ ਦੇ ਇੱਕ ਜੀਵੰਤ ਅਤੇ ਊਰਜਾਵਾਨ ਦਿਨ ਲਈ ਇਕੱਠਾ ਕੀਤਾ ਗਿਆ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਲਗਭਗ 525 ਤੋਂ ਵੱਧ ਵਿਦਿਆਰਥੀਆਂ ਨੇ ਮਾਰਚ ਪਾਸਟ ਅਤੇ ਕਈ ਖੇਡ ਸਮਾਗਮਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਖੇਡ ਸਮਾਰੋਹ ਦਾ ਉਦਘਾਟਨ ਮਾਨਯੋਗ ਵਾਈਸ ਚਾਂਸਲਰ ਡਾ. ਅਰਵਿੰਦਰ ਸਿੰਘ ਚਾਵਲਾ ਨੇ ਕੀਤਾ। ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੰਪੂਰਨ ਵਿਕਾਸ ਲਈ ਖੇਡਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਨਿਲੀਟ ਰੋਪੜ ਤੋਂ ਡਾ. ਸਵਰਨ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਸਨ, ਜਿਨ੍ਹਾਂ ਨੇ ਕੈਂਪਸ ਵਿੱਚ ਇੱਕ ਮਜ਼ਬੂਤ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਇਹ ਸਮਾਗਮ ਇੰਜੀਨੀਅਰ ਅਮਨਦੀਪ ਸਿੰਘ, ਸੰਯੁਕਤ ਡਾਇਰੈਕਟਰ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਨਾਲ ਚੰਗੀ ਤਰ੍ਹਾਂ ਤਾਲਮੇਲ ਅਤੇ ਸੁਚਾਰੂ ਢੰਗ ਨਾਲ ਅਮਲ ਨੂੰ ਯਕੀਨੀ ਬਣਾਇਆ ਗਿਆ। ਮਾਰਚ ਪਾਸਟ ਸਮਾਗਮ ਸ਼੍ਰੀਮਤੀ ਰਤਨ ਕੌਰ ਦੁਆਰਾ ਤਿਆਰ ਕੀਤਾ ਗਿਆ ਸੀ, ਜਿਨ੍ਹਾਂ ਦੇ ਯਤਨਾਂ ਨੇ ਸਮਾਰੋਹ ਦੇ ਅਨੁਸ਼ਾਸਨ ਅਤੇ ਸ਼ਾਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਫੈਕਲਟੀ ਮੈਂਬਰਾਂ ਨੇ ਦੋਸਤਾਨਾ ਮੁਕਾਬਲਿਆਂ, ਜਿਨ੍ਹਾਂ ਵਿੱਚ ਟਗ ਆਫ਼ ਵਾਰ, 100-ਮੀਟਰ ਦੌੜ, ਅਤੇ ਲੈਮਨ ਐਂਡ ਸਪੂਨ ਦੌੜ ਸ਼ਾਮਲ ਸਨ, ਨਾਲ ਉਤਸ਼ਾਹ ਵੀ ਵਧਾਇਆ, ਜਿਸ ਨਾਲ ਪ੍ਰੋਗਰਾਮ ਜੀਵੰਤ ਅਤੇ ਦਿਲਚਸਪ ਹੋ ਗਿਆ।

ਸਮਾਪਤੀ ਸਮਾਰੋਹ ਵਿੱਚ ਮਾਨਯੋਗ ਚਾਂਸਲਰ ਐਸ. ਨਿਰਮਲ ਸਿੰਘ ਰਿਆਤ, ਵਾਈਸ ਚਾਂਸਲਰ ਡਾ. ਅਰਵਿੰਦਰ ਸਿੰਘ ਚਾਵਲਾ, ਰਜਿਸਟਰਾਰ ਡਾ. (ਪ੍ਰੋ.) ਬੀ.ਐਸ. ਸਤਿਆਲ, ਸੀਈਓ ਸ਼੍ਰੀ ਵਿਮਲ ਮਨਹੋਤਰਾ, ਅਤੇ ਡਾ. ਨਵਨੀਤ ਚੋਪੜਾ, ਡੀਨ ਅਕਾਦਮਿਕ ਮਾਮਲੇ ਸ਼ਾਮਲ ਹੋਏ, ਜਿਨ੍ਹਾਂ ਨੇ ਇਨਾਮ ਵੰਡੇ ਅਤੇ ਯੋਗ ਜੇਤੂਆਂ ਨੂੰ ਮੈਡਲ ਪ੍ਰਦਾਨ ਕੀਤੇ। ਡਾ. ਏ.ਐਸ. ਚਾਵਲਾ ਵਾਈਸ-ਚਾਂਸਲਰ ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਸਮੂਹਿਕ ਯਤਨਾਂ ਦੀ ਸ਼ਲਾਘਾ ਕੀਤੀ ਜਿਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਸ਼ਾਨਦਾਰ ਸਫਲ ਬਣਾਇਆ।

ਸਮੁੱਚੀ ਟਰਾਫੀ ਕਾਲਜ ਆਫ਼ ਲਾਅ ਦੇ ਨਾਮ ਰਹੀ, ਬੈਸਟ ਮਾਰਚ ਪਾਸਟ ਪੁਰਸਕਾਰ ਯੂਨੀਵਰਸਿਟੀ ਸਕੂਲ ਆਫ਼ ਪੌਲੀਟੈਕਨਿਕ, ਬੈਸਟ ਐਥਲੀਟ (ਪੁਰਸ਼) ਅਨੀਜ਼ਾਨ , ਸਕੂਲ ਆਫ਼ ਅਲਾਈਡ ਹੈਲਥ ਸਾਇੰਸਿਜ਼, ਬੈਸਟ ਐਥਲੀਟ (ਔਰਤ) ਗੁਰਸਿਮਰਨ ਕੌਰ, ਰਿਆਤ ਕਾਲਜ ਆਫ਼ ਲਾਅ ਰਹੇ।

ਆਪਣੇ ਸਮਾਪਤੀ ਭਾਸ਼ਣ ਵਿੱਚ, ਪ੍ਰੋ. ਬੀ.ਐਸ. ਸਤਿਆਲ ਰਜਿਸਟਰਾਰ ਨੇ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਸਮਾਗਮਾਂ ਵਿੱਚ ਪੂਰੇ ਦਿਲ ਨਾਲ ਹਿੱਸਾ ਲੈਂਦੇ ਰਹਿਣ ਅਤੇ ਟੀਮ ਵਰਕ ਅਤੇ ਖੇਡ ਭਾਵਨਾ ਨੂੰ ਬਣਾਈ ਰੱਖਣ ਲਈ ਉਤਸ਼ਾਹਿਤ ਕੀਤਾ।

ਇਸ ਪ੍ਰੋਗਰਾਮ ਦਾ ਕੁਸ਼ਲਤਾ ਨਾਲ ਤਾਲਮੇਲ ਸ਼੍ਰੀ ਹਰਵਿੰਦਰ ਸਿੰਘ ਅਤੇ ਸ਼੍ਰੀ ਇਮਰੋਜ਼ ਸਿੰਘ, ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਦੇ ਫੈਕਲਟੀ ਦੁਆਰਾ ਕੀਤਾ ਗਿਆ ਜਿਸ ਵਿੱਚ ਸਾਰਿਆਂ ਵੱਲੋਂ ਪੂਰੇ ਦਿਲੋਂ ਸਹਿਯੋਗ ਦਿੱਤਾ ਗਿਆ ਸੀ। ਡਾ. ਐਨ.ਐਸ. ਗਿੱਲ (ਕਾਰਜਕਾਰੀ ਡੀਨ), ਡਾ. ਐਚ.ਪੀ.ਐਸ. ਧਾਮੀ (ਕਾਰਜਕਾਰੀ ਡੀਨ) ਡਾ. ਆਸ਼ੂਤੋਸ਼ ਸ਼ਰਮਾ (ਕਾਰਜਕਾਰੀ ਡੀਨ) ਡਾ. ਵੀ.ਕੇ. ਸੈਣੀ (ਡੀ.ਐਸ.ਡਬਲਯੂ), ਇੰਜੀਨੀਅਰ ਮਨਦੀਪ ਅਟਵਾਲ, ਡਾ. ਅਮਿਤ ਸ਼ਰਮਾ (ਡਿਪਟੀ ਡੀਨ), ਪ੍ਰੋ. ਨਰਿੰਦਰ ਭੁੰਬਲਾ (ਪੀ.ਆਰ.ਓ)., ਗੁਰਪ੍ਰੀਤ ਸੈਣੀ ਮੈਨੇਜਰ ਆਈ.ਟੀ. ਅਤੇ ਯੂਨੀਵਰਸਿਟੀ ਦੇ ਸਾਰੇ ਮੁਖੀ, ਫੈਕਲਟੀ ਅਤੇ ਵਿਦਿਆਰਥੀ ਇਸ ਮੌਕੇ ਮੌਜੂਦ ਸਨ।

# ਸਫ਼ਾਈ ਕਰਮਚਾਰੀ ਯੂਨੀਅਨ ਵੱਲੋਂ ਸਰਬਸੰਮਤੀ ਨਾਲ ਰਾਜਨ ਚੋਹਾਨ ਨੂੰ ਪ੍ਰਧਾਨ ਚੁਣਿਆ ਗਿਆ

Desi Punjab YouTube www.desipunjab.in





ਸਮਾਣਾ 21 ਨਵੰਬਰ (ਦੀਵਾਨ ਥਰੇਜਾ) ਸਫ਼ਾਈ ਕਰਮਚਾਰੀ ਯੂਨੀਅਨ ਵੱਲੋਂ ਸਰਬਸੰਮਤੀ ਰਾਜਨ ਚੋਹਾਨ ਨੂੰ ਪ੍ਰਧਾਨ ਚੁਣਿਆ ਗਿਆ, ਜਦਕਿ ਯੂਨੀਅਨ ਦੇ ਹੋਰ ਅਹੁਦੇਦਾਰਾਂ ਦੀ ਚੋਣ ਵੀ ਸ਼ਾਂਤੀਪੂਰਨ ਢੰਗ ਨਾਲ ਪੂਰੀ ਹੋਈ।

ਨਵੀਂ ਚੁਣੀ ਟੀਮ ਤੋਂ ਸ਼ਹਿਰ ਦੇ ਸਫ਼ਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਉਮੀਦ ਜਤਾਈ ਜਾ ਰਹੀ ਹੈ। ਸਰਪ੍ਰਸਤ ਵਜੋਂ ਸੋਨੂੰ ਸਾਂਗਰ ਅਤੇ ਮੇਟ ਸਰਪ੍ਰਸਤ ਵਜੋਂ ਵਰਿੰਦਰ ਬੌਬੀ ਨੂੰ ਚੁਣਿਆ ਗਿਆ , ਵਿਸ਼ਾਲ ਸੰਗਰ ਨੂੰ ਉਪ ਪ੍ਰਧਾਨ, ਮਹਿਲਾ ਪ੍ਰਧਾਨ ਵਜੋਂ ਸੰਤੋਸ਼ ਰਾਣੀ ਅਤੇ ਸੈਕਟਰੀ ਵਜੋਂ ਅਭੀ ਨੂੰ ਵੀ ਸਰਬਸੰਮਤੀ ਨਾਲ ਚੁਣਿਆ ਗਿਆ ਹੈ। ਨਵੇਂ ਪ੍ਰਧਾਨ ਰਾਜਨ ਚੋਹਾਨ ਨੇ ਕਿਹਾ ਕਿ ਸ਼ਹਿਰ ਨੂੰ ਸਾਫ਼–ਸੁਥਰਾ ਬਣਾਉਣ ਲਈ ਪੂਰੀ ਟੀਮ ਮਿਲਜੁਲ ਕੇ ਮੁਹਿੰਮ ਚਲਾਏਗੀ। ਉਨ੍ਹਾਂ ਦੱਸਿਆ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਸਮੇਤ ਹੋਰ ਲੰਬਿਤ ਮੰਗਾਂ ਨੂੰ ਲੈ ਕੇ ਜਲਦੀ ਹੀ ਹਲਕੇ ਦੇ ਵਿਧਾਇਕ ਨਾਲ ਮੀਟਿੰਗ ਕੀਤੀ ਜਾਵੇਗੀ।

ਰਾਜਨ ਚੋਹਾਨ ਨੂੰ ਪ੍ਰਧਾਨ ਬਣਾਉਣ ਤੋਂ ਬਾਅਦ ਯੂਨੀਅਨ ਮੈਂਬਰਾਂ ਵਿੱਚ ਖ਼ੁਸ਼ੀ ਦੀ ਲਹਿਰ ਦਿੱਖੀ ਅਤੇ ਨਵੀਂ ਟੀਮ ਤੋਂ ਵੱਡੀਆਂ ਉਮੀਦਾਂ ਜ਼ਾਹਰ ਕੀਤੀਆਂ ਗਈਆਂ।

# ਗੁਰੂ ਤੇਗ਼ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿੱਚ ਇਕ ਰੋਜ਼ਾ ਸੈਮੀਨਾਰ ਦਾ ਆਯੋਜਨ

## "ਨੌਜਵਾਨੀ ਨੂੰ ਆਪਣੇ ਇਤਿਹਾਸ ਨਾਲ ਜੋੜਨਾ ਸਮੇਂ ਦੀ ਲੋੜ"—ਵਿਸ਼ੇਸ਼ਗਿਆਰਾਂ ਵੱਲੋਂ ਸੈਮੀਨਾਰ ਵਿੱਚ ਵਿਚਾਰ ਸਾਂਝੇ




ਅੰਮ੍ਰਿਤਸਰ 21 ਨਵੰਬਰ (ਗੁਰਪ੍ਰੀਤ ਸਿੰਘ ਡੱਬ)ਅੱਜ ਸਥਾਨਕ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਅਤੇ SGPC ਸਕੱਤਰ ਵਿਦਿਆ ਸ. ਸੁਖਮਿੰਦਰ ਸਿੰਘ ਦੇ ਦਿਸ਼ਾ–ਨਿਰਦੇਸ਼ਾਂ ਅਧੀਨ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਇਕ ਰੋਜ਼ਾ ਸੈਮੀਨਾਰ ਆਯੋਜਿਤ ਕੀਤਾ ਗਿਆ।

ਇਸ ਸੈਮੀਨਾਰ ਵਿੱਚ ਡਾ. ਕਵਲਜੀ ਤ ਸਿੰਘ (ਗੁਰੂ ਅੰਗਦ ਦੇਵ ਕਾਲਜ , ਖਡੂਰ ਸਾਹਿਬ ) ਅਤੇ ਸ. ਅਕਾਸ਼ਬੀਰ ਸਿੰਘ (SSS Khalsa College, ਸ੍ਰੀ ਅੰਮ੍ਰਿਤਸਰ ਸਾਹਿਬ) ਵਿਸ਼ੇਸ਼ ਬੁਲਾਰੇ ਵਜੋਂ ਸ਼ਾਮਲ ਹੋਏ।ਕਾਰਜਕ੍ਰਮ ਦੀ ਸ਼ੁਰੂਆਤ ਕਾਲਜ ਪ੍ਰਿੰਸੀਪਲ ਡਾ . ਕੁਲਵਿੰਦਰ ਸਿੰਘ ਨੇ ਸ਼ਬਦੀ ਜੀ ਆਇਆ ਕਹਿ ਕੇ ਕੀਤੀ।

ਉਹਨਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੋੜਨਾ ਬਹੁਤ ਜ਼ਰੂਰੀ ਹੈ ਅਤੇ ਅਜਿਹੇ ਸੈਮੀਨਾਰ ਇਹੀ ਉਦੇਸ਼ ਨਾਲ ਕਰਵਾਏ ਜਾਂਦੇ ਹਨ। "ਅਸੀਂ ਭਾਗਾਂ ਵਾਲੇ ਹਾਂ ਕਿ ਸਾਡੇ ਜੀਵਨ ਵਿਚ ਸਾਨੂੰ ਆਪਣੇ ਗੁਰੂ ਸਾਹਿਬਾਨ ਅਤੇ ਉਨਾਂ ਦੇ ਸਿੰਘਾਂ ਦੀਆਂ ਸ਼ਹੀਦੀਆਂ ਦੀਆਂ ਸ਼ਤਾਬਦੀਆਂ ਮਨਾਉਣ ਦਾ ਸੁਭਾਗ ਮਿਲਿਆ ਹੈ," ਉਹਨਾਂ ਕਿਹਾ।

ਡਾ. ਕਵਲਜੀਤ ਸਿੰਘ ਨੇ 'ਗੁਰੂ ਤੇਗ਼ ਬਹਾਦਰ ਜੀ ਦੀ ਸਹਾਦਤ ਦਾ ਗੌਰਵ' ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਕਿਹਾ ਕਿ ਗੁਰੂ ਸਾਹਿਬ ਦੀ ਜੀਵਨ ਕਥਾ ਅਨਿਆਂ ਦੇ ਵਿਰੁੱਧ ਡਟ ਕੇ ਖੜ੍ਹੇ ਹੋਣ ਦੀ ਸਿੱਖਿਆ ਦਿੰਦੀ ਹੈ। ਸ. ਅਕਾਸ਼ਬੀਰ ਸਿੰਘ ਨੇ ਗੁਰੂ ਸਾਹਿਬ ਦੀ ਬਾਣੀ ਦੀ ਅੰਦਰੂਨੀ ਗਹਿਰਾਈ ਅਤੇ ਜੀਵਨ ਸੇਧਾਂ ਬਾਰੇ ਪ੍ਰਕਾਸ਼ ਪਾਇਆ ਅਤੇ ਕਿਹਾ ਕਿ ਗੁਰੂ ਜੀ ਨੇ ਆਪਣੀ ਬਾਣੀ ਰਾਹੀਂ ਆਪ ਨਾਲ ਗੱਲ ਕਰਕੇ ਮਨੁੱਖ ਨੂੰ ਜੀਵਨ ਦੀ ਸੱਚਾਈਆਂ ਸਮਝਾਈਆਂ।ਇਸ ਮੌਕੇ ਕਈ ਸਕੂਲਾਂ ਅਤੇ ਕਾਲਜਾਂ ਦੇ ਪ੍ਰਿੰਸੀਪਲ, ਸਟਾਫ ਅਤੇ ਕਾਲਜ ਦਾ ਸਮੂਹ ਅਧਿਆਪਕ ਵਰਗ ਵੀ ਹਾਜ਼ਰ ਰਿਹਾ। ਸੈਮੀਨਾਰ ਦੇ ਅੰਤ ਵਿੱਚ ਮਹਿਮਾਨਾਂ ਨੂੰ ਕਾਲਜ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ-ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਦਾ ਪਟਿਆਲਾ ਪੁੱਜਣ 'ਤੇ ਭਰਵਾਂ ਸਵਾਗਤ











"ਹਿੰਦ ਦੀ ਚਾਦਰ" ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਲਵੰਡੀ ਸਾਬੋ ਤੋਂ ਪੂਰੇ ਖਾਲਸਾਈ ਜਾਹੋ ਜਲਾਲ ਨਾਲ ਅਰੰਭ ਹੋਏ ਵਿਸ਼ਾਲ ਨਗਰ ਕੀਰਤਨ ਦਾ ਪਟਿਆਲਾ ਪੁੱਜਣ ਉਤੇ ਸੰਗਤ ਵੱਲੋਂ ਗਜਾਏ ਜੈਕਾਰਿਆਂ ਦੀ ਗੂੰਜ ਨਾਲ ਭਰਵਾਂ ਸਵਾਗਤ ਕਰਦਿਆਂ ਇੱਥੇ ਲੀਲ੍ਹਾ ਭਵਨ ਵਿਖੇ ਪੁਲਿਸ ਦੀ ਹਥਿਆਰਬੰਦ ਟੁੱਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ।

ਫੁੱਲਾਂ ਨਾਲ ਸਜੀ ਸੁੰਦਰ ਪਾਲਕੀ ਸਾਹਿਬ ਵਿੱਚ ਨਾਲ ਸੁਸ਼ੋਭਿਤ ਜੁਗੋ-ਜੁੱਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੋਣ ਸਮੇਂ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਉ ਭੇਟ ਕਰਦਿਆਂ ਸਿਹਤ ਮੰਤਰੀ ਡਾ ਬਲਬੀਰ ਸਿੰਘ ਸਮੇਤ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣਾ ਸਾਡੇ ਸਾਰਿਆਂ ਲਈ ਇਤਿਹਾਸਕ ਪਲ ਹਨ। ਸਿਹਤ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਸਮੇਤ ਉਨ੍ਹਾਂ ਦੇ ਅਨਿੰਨ੍ਹ ਸਿੱਖਾਂ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਤੇ ਭਾਈ ਦਿਆਲਾ ਜੀ ਨੇ ਹਕੂਮਤੀ ਜ਼ਬਰ ਅਤੇ ਜਬਰੀ ਧਰਮ-ਪਰਿਵਰਤਨ ਦੇ ਖ਼ਿਲਾਫ ਖੜ੍ਹੇ ਹੋ ਕੇ ਦਰਸਾਇਆ ਕਿ ਉਨ੍ਹਾਂ ਦੀ ਕੁਰਬਾਨੀ ਕਿਸੇ ਇੱਕ ਧਰਮ ਲਈ ਨਹੀਂ ਬਲਕਿ ਸਮੁੱਚੀ ਮਨੁੱਖਤਾ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ ਨੂੰ ਨਿਮਾਣੇ ਸ਼ਰਧਾਲੂ ਵਜੋਂ ਪੂਰੀ ਅਕੀਦਤ, ਸ਼ਰਧਾ ਭਾਵਨਾ ਤੇ ਗੁਰਮਤਿ ਮਰਿਆਦਾ ਨਾਲ ਮਨਾ ਰਹੀ ਹੈ। ਇਸ ਦੌਰਾਨ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਐਸ.ਐਸ.ਪੀ ਵਰੁਣ ਸ਼ਰਮਾ, ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਤੇ ਸ਼ਹਿਰ ਦੀ ਸੰਗਤ ਵੱਡੀ ਗਿਣਤੀ ਵਿੱਚ ਮੌਜੂਦ ਰਹੀ। ਨਗਰ ਕੀਰਤਨ ਦੀ ਪਾਲਕੀ ਸਾਹਿਬ ਤੇ ਪੰਜ ਪਿਆਰੇ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਦੇ ਪਵਿੱਤਰ ਸਥਾਨ ਵਿਖੇ ਵੀ ਪੁੱਜੇ, ਜਿੱਥੇ ਸਤਿਕਾਰਯੋਗ ਪੰਜ ਪਿਆਰਿਆਂ ਨੂੰ ਸਿਰੋਪਾਓ ਨਾਲ ਸਤਿਕਾਰਿਆ ਗਿਆ ਤੇ ਸੰਗਤ ਨੇ ਭਰਵਾਂ ਸਵਾਗਤ ਕੀਤਾ।

ਇਸ ਤੋਂ ਪਹਿਲਾਂ ਵਿਸ਼ਾਲ ਨਗਰ ਕੀਰਤਨ ਦਾ ਸੰਗਰੂਰ ਰੋਡ ਉਤੇ ਹਲਕਾ ਸਮਾਣਾ ਦੇ ਪਿੰਡ ਗੱਜੂਮਾਜਰਾ ਵਿਖੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਇਲਾਕੇ ਦੀ ਸੰਗਤ ਨੇ ਨਗਰ ਕੀਰਤਨ ਨੂੰ ਸਤਿਕਾਰ ਭੇਟ ਕਰਦਿਆਂ ਸਵਾਗਤ ਕੀਤਾ। ਜਦਕਿ ਸੰਤ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਵੱਲੋਂ ਤੇ ਸੰਗਤ ਨੇ ਵੀ ਗੁਰਦੁਆਰਾ ਪਰਮੇਸ਼ਵਰ ਦਵਾਰ, ਸ਼ੇਖੂਪੁਰ ਵਿਖੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ। ਪਟਿਆਲਾ ਤੋਂ ਬਾਅਦ ਗੁਰਦੁਆਰਾ ਸਾਹਿਬ ਬਹਾਦਰਗੜ੍ਹ ਵਿਖੇ ਹਲਕਾ ਸਨੌਰ ਵੱਲੋਂ ਪੀਆਰਟੀਸੀ ਚੇਅਰਮੈਨ ਰਣਜੋਧ ਸਿੰਘ ਹਡਾਣਾ ਤੇ ਇਲਾਕੇ ਦੀ ਸੰਗਤ ਨੇ ਨਗਰ ਕੀਰਤਨ ਦਾ ਸਵਾਗਤ ਕੀਤਾ। ਇਸ ਦੌਰਾਨ ਪੰਜਾਬੀ ਯੂਨੀਵਰਸਿਟੀ ਵਿਖੇ ਵੀ ਨਗਰ ਕੀਰਤਨ ਦਾ ਸਵਾਗਤ ਕੀਤਾ। ਜਦਕਿ ਰਾਜਪੁਰਾ ਰੋਡ ਵਿਖੇ ਵਿਧਾਇਕ ਗੁਰਲਾਲ ਘਨੌਰ ਨੇ ਖੇੜੀ ਗੰਢਿਆਂ ਨੇੜੇ ਗੇੜੀ ਰੂਟ ਵਿਖੇ ਨਗਰ ਕੀਰਤਨ ਅਤੇ ਸੰਗਤ ਦਾ ਭਰਵਾਂ ਸਵਾਗਤ ਕੀਤਾ ਅਤੇ ਵਿਧਾਇਕ ਨੀਨਾ ਮਿੱਤਲ ਨੇ ਰਾਜਪੁਰਾ ਦੇ ਫੁਆਰਾ ਚੌਂਕ ਵਿਖੇ ਇਲਾਕੇ ਦੀ ਸੰਗਤ ਸਮੇਤ ਨਗਰ ਕੀਰਤਨ ਦਾ ਫੁੱਲਾਂ ਦੀ ਵਰਖਾ ਕਰਦਿਆਂ ਸ਼ਾਨਦਾਰ ਸਵਾਗਤ ਕੀਤਾ। ਪਟਿਆਲਾ ਵਿਖੇ ਨਗਰ ਕੀਰਤਨ ਦੇ ਸਵਾਗਤ ਮੌਕੇ ਤੇਜਿੰਦਰ ਮਹਿਤਾ, ਮੇਘ ਚੰਦ ਸ਼ੇਰਮਾਜਰਾ, ਬਲਜਿੰਦਰ ਸਿੰਘ ਢਿੱਲੋਂ, ਜਗਦੀਪ ਜੱਗਾ, ਇੰਦਰਜੀਤ ਸਿੰਘ ਸੰਧੂ, ਹਰਿੰਦਰ ਕੋਹਲੀ, ਯਾਦਵਿੰਦਰ ਸਿੰਘ ਸੰਧੂ ਗੋਲਡੀ, ਅਮਰੀਕ ਸਿੰਘ ਬੰਗੜ, ਪਰਦੀਪ ਜੋਸ਼ਨ, ਜਰਨੈਲ ਮੰਨੂ, ਜਸਵੀਰ ਸਿੰਘ ਗਾਂਧੀ, ਅਮਿਤ ਡਾਬੀ, ਅੰਗਰੇਜ ਰਾਮਗੜ੍ਹ, ਗੁਰਦੀਪ ਸਿੰਘ ਟਿਵਾਣਾ, ਵੀਰਪਾਲ ਕੌਰ ਚਹਿਲ, ਰਾਜਵਿੰਦਰ ਕੌਰ ਤੋਂ ਇਲਾਵਾ ਧਾਰਮਿਕ, ਸਮਾਜਿਕ, ਰਾਜਨੀਤਕ ਅਤੇ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਆਦਿ ਹਾਜ਼ਰਸਨ। ਜਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ ਬੀਤੇ ਦਿਨ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੀ ਪਵਿੱਤਰ ਧਰਤੀ ਵਿਖੇ ਗੁਰਦੁਆਰਾ ਸ੍ਰੀ ਬੇਰ ਸਾਹਿਬ (ਦੇਗਸਰ) ਪਾਤਸ਼ਾਹੀ 10ਵੀਂ ਛਾਉਣੀ ਬੁੱਢਾ ਦਲ ਪੰਜਵਾਂ ਤਖਤ ਤੋਂ ਸ੍ਰੀ ਅਨੰਦਪੁਰ ਸਾਹਿਬ ਜਾਣ ਲਈ ਸਜਾਏ ਇਸ ਨਗਰ ਕੀਰਤਨ ਦੌਰਾਨ ਸ਼ਹਾਦਤ-ਏ-ਲੋਅ, ਧਾਰਮਿਕ ਕੀਰਤਨ, ਨਗਾਰਿਆਂ ਦੀ ਗੂੰਜ ਤੇ ਗੱਤਕੇ ਦੇ ਜੌਹਰ, ਇਤਿਹਾਸ ਦਰਸਾਉਂਦੀ ਐਲਈਡੀ ਵੈਨ ਸੰਗਤ ਦੀ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ ਹੋਏ ਹਨ।

ਵਾਹਨਾਂ ਦੇ ਵੱਡੇ ਕਾਫ਼ਲੇ 'ਚ ਸਵਾਰ ਸ਼ਰਧਾਲੂ ਨਗਰ ਕੀਰਤਨ 'ਚ ਸ਼ਰਧਾ ਭਾਵਨਾ ਨਾਲ ਹਿੱਸਾ ਲੈ ਰਹੇ ਹਨ ਅਤੇ ਸੰਗਤ ਦੀ ਸਹੂਲਤ ਲਈ ਕਾਫ਼ਲੇ ਵਿੱਚ ਐਂਬੂਲੈਂਸ, ਡਿਜੀਟਲ ਮਿਊਜ਼ੀਅਮ, ਲੰਗਰ ਦੀ ਵਿਵਸਥਾ ਤੇ ਹੋਰ ਲੋੜੀਂਦਾ ਸਾਜ਼ੋ-ਸਾਮਾਨ ਮੌਜੂਦ ਹੈ।

ਇਸ ਨਗਰ ਕੀਰਤਨ ਦਾ ਠਹਿਰਾਅ 20 ਨਵੰਬਰ ਰਾਤ ਨੂੰ ਗੁਰਦੁਆਰਾ ਸ੍ਰੀ ਮਸਤੂਆਣਾ ਸਾਹਿਬ ਸੰਗਰੂਰ ਵਿਖੇ ਕੀਤਾ ਗਿਆ ਸੀ ਅਤੇ ਇਹ ਅੱਜ ਪਟਿਆਲਾ ਫੁਹਾਰਾ ਚੌਂਕ, ਲੀਲਾ ਭਵਨ, ਭੁਪਿੰਦਰਾ ਰੋਡ, ਥਾਪਰ ਯੂਨੀਵਰਸਿਟੀ ਚੌਂਕ ਅਤੇ ਜੇਲ੍ਹ ਰੋਡ-ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ-ਗੁਰਦੁਆਰਾ ਸ੍ਰੀ ਦੁੱਖ ਨਿਵਾਰਣ ਸਾਹਿਬ, ਖੰਡਾ ਚੌਂਕ ਪੁਰਾਣਾ ਬੱਸ ਅੱਡਾ, ਨਵਾਂ ਬੱਸ ਅੱਡਾ, ਅਰਬਨ ਅਸਟੇਟ, ਪੰਜਾਬੀ ਯੂਨੀਵਰਸਿਟੀ ਹੁੰਦਾ ਹੋਇਆ ਰਾਜਪੁਰਾ-ਬਨੂੜ ਤੇ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਰਾਹੀਂ ਹੁੰਦਾ ਹੋਇਆ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ।

# ਮੋਗਾ-ਨਵੀਂ ਦਿੱਲੀ-ਮੋਗਾ ਇੰਟਰਸਿਟੀ ਸੁਪਰਫਾਸਟ ਐਕਸਪ੍ਰੈਸ ਟ੍ਰੇਨ ਨੂੰ 24 ਤਰੀਕ ਤੋਂ ਫਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੱਕ ਵਧਾਇਆ ਜਾਵੇਗਾ: ਸੈਣੀ



ਜੈਤੋ, 21 ਨਵੰਬਰ (ਰਘੁਨੰਦਨ ਪਰਾਸ਼ਰ): ਫਿਰੋਜ਼ਪੁਰ ਰੇਲ ਮੰਡਲ ਦੇ ਸੀਨੀਅਰ ਕਮਰਸ਼ੀਅਲ ਮੈਨੇਜਰ ਪਰਮਜੀਤ ਸਿੰਘ ਸੈਣੀ ਨੇ ਦੱਸਿਆ ਕਿ ਰੇਲਵੇ ਵਿਭਾਗ ਨੇ ਮੋਗਾ ਅਤੇ ਨਵੀਂ ਦਿੱਲੀ ਵਿਚਕਾਰ ਚੱਲਣ ਵਾਲੀ ਟ੍ਰੇਨ ਨੰਬਰ 22485/22486 (ਮੋਗਾ-ਨਵੀਂ ਦਿੱਲੀ-ਮੋਗਾ ਇੰਟਰਸਿਟੀ ਸੁਪਰਫਾਸਟ ਐਕਸਪ੍ਰੈਸ) ਨੂੰ ਫਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੱਕ ਵਧਾਉਣ ਦਾ ਫੈਸਲਾ ਕੀਤਾ ਹੈ। ਇਹ ਐਕਸਟੈਂਸ਼ਨ 24 ਨਵੰਬਰ, 2025 ਤੋਂ ਲਾਗੂ ਹੋਵੇਗੀ। ਟ੍ਰੇਨ ਨੰਬਰ 22485 (ਨਵੀਂ ਦਿੱਲੀ-ਮੋਗਾ-ਫਿਰੋਜ਼ਪੁਰ ਛਾਉਣੀ ਇੰਟਰਸਿਟੀ ਸੁਪਰਫਾਸਟ ਐਕਸਪ੍ਰੈਸ) ਨਵੀਂ ਦਿੱਲੀ ਰੇਲਵੇ ਸਟੇਸ਼ਨ ਤੋਂ ਸਵੇਰੇ 07:00 ਵਜੇ ਰਵਾਨਾ ਹੋਵੇਗੀ ਅਤੇ ਦੁਪਹਿਰ 14:50 ਵਜੇ ਫਿਰੋਜ਼ਪੁਰ ਛਾਉਣੀ ਪਹੁੰਚੇਗੀ। ਟ੍ਰੇਨ ਨੰਬਰ 22486 (ਫਿਰੋਜ਼ਪੁਰ ਛਾਉਣੀ-ਮੋਗਾ-ਨਵੀਂ ਦਿੱਲੀ ਇੰਟਰਸਿਟੀ ਸੁਪਰਫਾਸਟ ਐਕਸਪ੍ਰੈਸ) ਫਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੋਂ 15:35 ਵਜੇ ਰਵਾਨਾ ਹੋਵੇਗੀ ਅਤੇ 23:30 ਵਜੇ ਨਵੀਂ ਦਿੱਲੀ ਪਹੁੰਚੇਗੀ। ਨਵੀਂ ਦਿੱਲੀ-ਜਗਰਾਉਂ-ਨਵੀਂ ਦਿੱਲੀ ਵਿਚਕਾਰ ਟ੍ਰੇਨ ਦੇ ਰੂਟ ਅਤੇ ਸਮਾਂ ਸਾਰਣੀ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ।

# ਸਕੂਲ ਆਫ ਐਮੀਨੈਂਸ ਵਿੱਚ ਅਧਿਆਪਕਾਂ ਦੀ ਘਾਟ ਵਿਦਿਆਰਥੀ ਅਤੇ ਮਾਪੇ ਪੜ੍ਹਾਈ ਨੂੰ ਲੈ ਕੇ ਪਰੇਸ਼ਾਨ



ਸਰਦੂਲਗੜ੍ਹ, 21 ਨਵੰਬਰ (ਕੁਲਵਿੰਦਰ ਕੜਵਲ) ਸਰਦੂਲਗੜ ਦਾ ਸਕੂਲ ਆਫ ਐਮੀਨੈਂਸ ਪੰਜਾਬ ਸਰਕਾਰ ਦੇ ਸਿਖਿਆ ਕ੍ਰਾਂਤੀ ਦੇ ਨਾਅਰੇ ਦੀ ਪੋਲ ਖੋਲ ਰਿਹਾ ਹੈ। ਦੱਸਣ ਯੋਗ ਹੈ ਕਿ ਪੰਜਾਬ ਸਰਕਾਰ ਨੇ ਸਿਖਿਆ ਵਿਚ ਕ੍ਰਾਂਤੀ ਲਿਆਉਣ ਦੇ ਮਕਸਦ ਨਾਲ ਸਕੂਲ ਆਫ ਐਮੀਨੈਂਸ ਦੀ ਸਥਾਪਨਾ ਕੀਤੀ ਅਤੇ ਸੂਬੇ ਦੇ ਲੋਕਾਂ ਨੂੰ ਸਰਕਾਰੀ ਸਕੂਲਾਂ ਵਿੱਚ ਵਧੀਆ ਪੜ੍ਹਾਈ ਕਰਵਾਉਣ ਦਾ ਦਾਅਵਾ ਕੀਤਾ, ਜਿਸ ਨੂੰ ਲੈ ਕੇ ਮਾਪਿਆਂ ਨੇ ਆਪਣੇ ਬੱਚੇ ਪ੍ਰਾਈਵੇਟ ਸਕੂਲਾਂ ਵਿੱਚੋ ਹਟਾ ਕੇ ਵੱਡੀ ਗਿਣਤੀ ਵਿੱਚ ਐਮੀਨੈਂਸ ਸਕੂਲਾਂ ਵਿੱਚ ਦਾਖਲ ਕਰਵਾਏ। ਪਰ ਜਲਦੀ ਹੀ ਸਿੱਖਿਆ ਕ੍ਰਾਂਤੀ ਦਾ ਅਸਲੀ ਰੂਪ ਸਾਹਮਣੇ ਆਉਣ ਲੱਗਿਆ ਜਿਸ ਨੂੰ ਲੈ ਕੇ ਅੱਜ ਸਕੂਲ ਦੇ ਵਿਦਿਆਰਥੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਐਮੀਨੈਂਸ ਸਕੂਲ ਦੇ ਵਿੱਚ ਅਧਿਆਪਕਾਂ ਦੀ ਵੱਡੀ ਘਾਟ ਹੈ ਜਿਸ ਕਾਰਨ ਉਹਨਾਂ ਨੂੰ ਪੜ੍ਹਾਈ ਕਰਨ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬੱਚਿਆਂ ਨੇ ਕਿਹਾ ਕਿ ਸਕੂਲ ਵਿੱਚ ਸਹੀ ਢੰਗ ਨਾਲ ਪੜ੍ਹਾਈ ਨਾ ਹੋਣ ਕਾਰਨ ਉਹਨਾਂ ਨੂੰ ਪੜ੍ਹਾਈ ਪੂਰਾ ਕਰਨ ਲਈ ਵੱਖ ਵੱਖ ਵਿਸ਼ਿਆਂ ਦੀ ਟਿਊਸ਼ਨ ਵੀ ਰੱਖਣੀ ਪੈ ਰਹੀ ਹੈ ਅਤੇ ਹੁਣ ਉਹ ਆਪਣੇ ਪੁਰਾਣੇ ਪ੍ਰਾਈਵੇਟ ਸਕੂਲ ਛੱਡਣ ਦੇ ਫੈਸਲੇ ਤੇ ਪਛਤਾ ਰਹੇ ਹਨ। ਉਹਨਾਂ ਕਿਹਾ ਕਿ ਜੇਕਰ ਅਜਿਹਾ ਹੀ ਚੱਲਦਾ ਰਿਹਾ ਤਾਂ ਅਗਲੀ ਪੜ੍ਹਾਈ ਉਨਾਂ ਨੂੰ ਦੁਬਾਰਾ ਫਿਰ ਪ੍ਰਾਈਵੇਟ ਸਕੂਲਾਂ ਵਿੱਚ ਦਾਖਲਾ ਲੈ ਕੇ ਪੂਰੀ ਕਰਨੀ ਪਵੇਗੀ। ਇਸ ਸਬੰਧੀ ਜਦੋਂ ਜ਼ਿਲ੍ਹਾ ਸਿੱਖਿਆ ਅਫਸਰ ਨਾਲ ਗੱਲਬਾਤ ਕੀਤੀ ਤਾਂ ਉਨਾਂ ਕਿਹਾ ਕਿ ਉਹਨਾਂ ਨੂੰ ਇਸ ਸਬੰਧੀ ਜਾਣਕਾਰੀ ਹੈ ਅਤੇ ਉਹਨਾਂ ਵੱਲੋਂ ਲਗਾਤਾਰ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਅਧਿਆਪਕ ਪੂਰੇ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਲਦੀ ਹੀ ਸਕੂਲ ਵਿੱਚ ਅਧਿਆਪਕਾਂ ਦੀ ਕਮੀ ਨੂੰ ਪੂਰਾ ਕਰ ਦਿੱਤਾ ਜਾਵੇਗਾ।

ਹਲਕਾ ਵਿਧਾਇਕ ਗੁਰਪ੍ਰੀਤ ਸਿੰਘ ਬਨਾਵਾਲੀ ਨਾਲ ਜਦੋਂ ਇਸ ਸਬੰਧੀ ਗੱਲ ਕੀਤੀ ਤਾਂ ਉਹਨਾਂ ਇੱਕ ਪੱਤਰ ਦਿਖਾਉਂਦਿਆਂ ਕਿਹਾ ਕਿ ਉਹਨਾਂ ਵੱਲੋਂ ਇਸ ਸਬੰਧੀ ਮਾਨਯੋਗ ਮੁੱਖ ਮੰਤਰੀ ਸਾਹਿਬ ਤੋਂ ਮੰਗ ਕੀਤੀ ਗਈ ਹੈ ਕਿ ਜਲਦੀ ਹੀ ਸਰਦੂਲਗੜ੍ਹ ਦੇ ਸਕੂਲ ਆਫ ਐਮੀਨੈਂਸ ਵਿੱਚ ਅਧਿਆਪਕਾਂ ਦੀ ਘਾਟ ਨੂੰ ਪੂਰਾ ਕੀਤਾ ਜਾਵੇ। ਅਤੇ ਮੁੱਖ ਮੰਤਰੀ ਸਾਹਿਬ ਨੇ ਵਿਸ਼ਵਾਸ ਦਵਾਇਆ ਹੈ ਕਿ ਜਲਦੀ ਹੀ ਬੱਚਿਆਂ ਦੀ ਪੜ੍ਹਾਈ ਨੂੰ ਮੁੱਖ ਰੱਖਦਿਆਂ ਅਧਿਆਪਕਾਂ ਅਤੇ ਲੈਕਚਰਾਰਾਂ ਦੀ ਘਾਟ ਨੂੰ ਪੂਰਾ ਕਰ ਦਿੱਤਾ ਜਾਵੇਗਾ।

# ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕੀਰਤਨ ਸਮਾਗਮ ਆਯੋਜਿਤ



ਲੁਧਿਆਣਾ 21 ਨਵੰਬਰ (ਕਰਨੈਲ ਸਿੰਘ ਐੱਮ.ਏ.) ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਮਾਡਲ ਟਾਊਨ ਐਕਸਟੈਨਸ਼ਨ, ਲੁਧਿਆਣਾ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਨੌਂਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਹਫਤਾਵਾਰੀ ਕੀਰਤਨ ਸਮਾਗਮ ਆਯੋਜਿਤ ਕੀਤਾ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਆਪਣੇ ਕੀਰਤਨੀ ਜੱਥੇ ਸਮੇਤ ਹਾਜ਼ਰੀ ਭਰਨ ਲਈ ਪੁੱਜੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਬਲਦੇਵ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਨੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਆਯੋਜਿਤ ਕੀਤੇ ਗਏ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕੀਰਤਨ ਸਮਾਗਮ ਨੂੰ ਇੱਕ ਉਪਦੇਸ਼ਕ ਸਮਾਗਮ ਦੱਸਦਿਆਂ ਕਿਹਾ ਕਿ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਜਿੱਥੇ ਧਰਮ ਦੀ ਰੱਖਿਆ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ ਉੱਥੇ ਸਾਨੂੰ ਨਿਰਭਉ ਤੇ ਨਿਰਵੈਰਤਾ ਦਾ ਉਪਦੇਸ਼ ਵੀ ਦਿੱਤਾ, ਅੱਜ ਲੋੜ ਹੈ ਗੁਰੂ ਸਾਹਿਬ ਦੀ ਸਿੱਖਿਆਵਾਂ, ਉਪਦੇਸ਼ਾਂ ਨੂੰ ਵੱਧ ਤੋਂ ਵੱਧ ਸਮੁੱਚੀ ਮਨੁੱਖਤਾ ਤੱਕ ਪਹੁੰਚਾਣ ਦੀ ਤਾਂ ਹੀ ਸ਼ਹੀਦੀ ਸ਼ਤਾਬਦੀ ਮਨਾਉਣੀ ਸਫਲਾ ਹੋ ਸਕੇਗੀ । ਇਸ ਦੌਰਾਨ ਉਨ੍ਹਾਂ ਨੇ ਕੀਰਤਨ ਸਮਾਗਮ ਅੰਦਰ ਜੁੜ ਬੈਠੀਆਂ ਸੰਗਤਾਂ ਨੂੰ ਧਰਮ ਦੇ ਮਾਰਗ ਉੱਪਰ ਚੱਲਣ, ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਤਾਕੀਦ ਵੀ ਕੀਤੀ। ਇਸ ਮੌਕੇ ਸੁਸਾਇਟੀ ਦੇ ਮੈਂਬਰਾਂ ਨੇ ਸਾਂਝੇ ਤੌਰ ਤੇ ਭਾਈ ਬਲਦੇਵ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਤੇ ਉਨ੍ਹਾਂ ਦੇ ਸਾਥੀਆਂ ਨੂੰ ਸਿਰੋਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ । ਕੀਰਤਨ ਸਮਾਗਮ ਅੰਦਰ

ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਅਹੁਦੇਦਾਰ ਮਹਿੰਦਰ ਸਿੰਘ ਡੰਗ, ਅੱਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਸੁਖਵਿੰਦਰ ਸਿੰਘ ਹੈਪੀ ਕੋਚਰ, ਹਰਬੰਸ ਸਿੰਘ ਰਾਜਾ, ਪਰਮਜੀਤ ਸਿੰਘ ਸੇਠੀ, ਹਰਮੀਤ ਸਿੰਘ ਡੰਗ, ਹਰਵਿੰਦਰ ਸਿੰਘ ਕੋਹਲੀ, ਹਰਪ੍ਰੀਤ ਸਿੰਘ ਗੁਰਮ, ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆਂ, ਇੰਦਰਬੀਰ ਸਿੰਘ ਬੱਤਰਾ, ਭੁਪਿੰਦਰ ਸਿੰਘ ਜੁਨੇਜਾ, ਅਵਤਾਰ ਸਿੰਘ ਬੀ.ਕੇ, ਅਵਤਾਰ ਸਿੰਘ ਮਿੱਡਾ, ਰਣਜੀਤ ਸਿੰਘ ਖਾਲਸਾ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।

# ਸਮਾਜ ਸੇਵੀ ਐਸਪੀ ਓਬਰਾਏ ਨੇ ਐਸਜੀਟੀਬੀ ਕਾਲਜ ਦਾ ਦੌਰਾ ਕੀਤਾ, ਵਿਦਿਆਰਥੀਆਂ ਲਈ ਸਾਫ਼ ਪਾਣੀ ਪ੍ਰੋਜੈਕਟ ਦਾ ਭਰੋਸਾ ਦਿੱਤਾ




ਰਈਆ/21ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅਧੀਨ ਕੰਮ ਕਰਨ ਵਾਲੇ ਸ਼੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਅੱਜ ਇੱਕ ਮਹੱਤਵਪੂਰਨ ਅਤੇ ਯਾਦਗਾਰੀ ਮੌਕਾ ਵਾਪਰਿਆ ਜਦੋਂ ਵਿਸ਼ਵ ਪੱਧਰ 'ਤੇ ਪ੍ਰਸਿੱਧ ਮਾਨਵਤਾਵਾਦੀ ਅਤੇ ਪਰਉਪਕਾਰੀ ਸਰਦਾਰ ਸੁਰਿੰਦਰਪਾਲ ਸਿੰਘ ਓਬਰਾਏ ਕੈਂਪਸ ਦਾ ਦੌਰਾ ਕੀਤਾ। ਆਪਣੀ ਨਿਰਸਵਾਰਥ ਸੇਵਾ, ਉਦਾਰਤਾ ਅਤੇ ਮਨੁੱਖੀ ਭਲਾਈ ਪ੍ਰਤੀ ਵਚਨਬੱਧਤਾ ਲਈ ਦੁਨੀਆ ਭਰ ਵਿੱਚ ਜਾਣੇ ਜਾਂਦੇ, ਐਸਪੀ ਓਬਰਾਏ ਦੀ ਮੌਜੂਦਗੀ ਸੰਸਥਾ ਲਈ ਇੱਕ ਸਨਮਾਨ ਸੀ। ਇਹ ਦੌਰਾ ਡਾ. ਸਰਬਜਿੰਦਰ ਸਿੰਘ, ਵਾਈਸ ਚਾਂਸਲਰ, ਸੰਨੀ ਓਬਰਾਏ ਵਿਵੇਕ ਸਦਨ ਫਿਊਚਰਿਸਟਿਕ ਯੂਨੀਵਰਸਿਟੀ, ਸ੍ਰੀ ਆਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਸੰਭਵ ਹੋਇਆ। ਦੌਰੇ ਦੌਰਾਨ, ਸ੍ਰੀ ਓਬਰਾਏ ਨੇ ਕਾਲਜ ਇੰਚਾਰਜ, ਡਾ. ਹਰਸਿਮਰਨ ਕੌਰ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਅਤੇ ਵਿਦਿਆਰਥੀਆਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਕੈਂਪਸ ਵਿੱਚ ਸੁਰੱਖਿਅਤ ਪੀਣ ਵਾਲੇ ਪਾਣੀ ਦੀ ਜ਼ਰੂਰਤ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ।ਵਿਦਿਆਰਥੀਆਂ ਅਤੇ ਸਟਾਫ਼ ਦੋਵਾਂ ਦੀ ਸਿਹਤ ਅਤੇ ਤੰਦਰੁਸਤੀ ਨੂੰ ਧਿਆਨ ਵਿੱਚ ਰੱਖਦੇ ਹੋਏ, ਐਸਪੀ ਓਬਰਾਏ ਨੇ ਕਾਲਜ ਵਿੱਚ ਇੱਕ ਵੱਡਾ ਆਰਓ ਵਾਟਰ ਸ਼ੁੱਧੀਕਰਨ ਸਿਸਟਮ ਲਗਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਸਾਫ਼ ਅਤੇ ਸੁਰੱਖਿਅਤ ਪੀਣ ਵਾਲਾ ਪਾਣੀ ਪ੍ਰਦਾਨ ਕਰਨ ਲਈ ਜ਼ਰੂਰੀ ਹੋਰ ਸਬੰਧਤ ਜ਼ਰੂਰਤਾਂ ਦਾ ਸਮਰਥਨ ਕਰਨ ਦੀ ਇੱਛਾ ਵੀ ਪ੍ਰਗਟਾਈ। ਇਹ ਸੋਚ-ਸਮਝ ਕੇ ਅਤੇ ਉਦਾਰ ਪਹਿਲ ਕਾਲਜ ਦੇ ਬੁਨਿਆਦੀ ਢਾਂਚੇ ਅਤੇ ਵਿਦਿਆਰਥੀ ਭਲਾਈ ਵਿੱਚ ਇੱਕ ਕੀਮਤੀ ਯੋਗਦਾਨ ਨੂੰ ਦਰਸਾਉਂਦੀ ਹੈ।ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਦਿਲੋਂ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ ਕਿ ਐਸ.ਪੀ. ਓਬਰਾਏ ਇੱਕ ਪ੍ਰਤਿਸ਼ਠਾਵਾਨ ਸ਼ਖਸੀਅਤ ਹਨ ਜਿਨ੍ਹਾਂ ਨੂੰ ਕਿਸੇ ਜਾਣ-ਪਛਾਣ ਦੀ ਲੋੜ ਨਹੀਂ ਹੈ ਅਤੇ ਜਿਨ੍ਹਾਂ ਦੇ ਮਾਨਵਤਾਵਾਦੀ ਯੋਗਦਾਨਾਂ ਨੂੰ ਵਿਆਪਕ ਤੌਰ 'ਤੇ ਮਾਨਤਾ ਪ੍ਰਾਪਤ ਹੈ। ਉਨ੍ਹਾਂ ਡਾ. ਸਰਬਜਿੰਦਰ ਸਿੰਘ ਦੇ ਯਤਨਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੇ ਸਮਰਥਨ ਨਾਲ ਇਹ ਸਾਰਥਕ ਮੀਟਿੰਗ ਸੰਭਵ ਹੋਈ। ਡਾ. ਕੌਰ ਨੇ ਅੱਗੇ ਕਿਹਾ ਕਿ ਆਉਣ ਵਾਲੀ ਸਾਫ਼ ਪਾਣੀ ਦੀ ਸਹੂਲਤ ਵਿਦਿਆਰਥੀਆਂ ਨੂੰ ਸਿਹਤ, ਸਹੂਲਤ ਅਤੇ ਸਮੁੱਚੀ ਤੰਦਰੁਸਤੀ ਵਿੱਚ ਸੁਧਾਰ ਕਰਕੇ ਬਹੁਤ ਲਾਭ ਪਹੁੰਚਾਏਗੀ।ਸਤਿਕਾਰ ਵਜੋਂ, ਐਸਪੀ ਓਬਰਾਏ ਨੇ ਡਾ. ਹਰਸਿਮਰਨ ਕੌਰ ਨੂੰ ਕਿਤਾਬਾਂ ਦਾ ਇੱਕ ਸੈੱਟ ਭੇਟ ਕੀਤਾ। ਬਦਲੇ ਵਿੱਚ, ਉਸਨੇ ਉਨ੍ਹਾਂ ਨੂੰ ਰਵਾਇਤੀ ਸ਼ਾਲ ਨਾਲ ਸਨਮਾਨਿਤ ਕੀਤਾ ਅਤੇ ਉਨ੍ਹਾਂ ਅਤੇ ਉਨ੍ਹਾਂ ਦੇ ਨਾਲ ਆਏ ਹੋਰ ਪਤਵੰਤਿਆਂ ਦੀ ਉਨ੍ਹਾਂ ਦੀ ਫੇਰੀ ਲਈ ਧੰਨਵਾਦ ਕੀਤਾ। ਉਸਨੇ ਅੱਗੇ ਉਮੀਦ ਜਤਾਈ ਕਿ ਉਨ੍ਹਾਂ ਵਰਗੇ ਪਰਉਪਕਾਰੀ ਅਤੇ ਭਾਈਚਾਰਕ ਦਾਨੀ ਕਾਲਜ ਦੇ ਵਿਕਾਸ ਅਤੇ ਵਿਕਾਸ ਯਾਤਰਾ ਵਿੱਚ ਸਹਾਇਤਾ ਕਰਦੇ ਰਹਿਣਗੇ।

# ਗੁਰਤੇਜ ਸਿੰਘ ਖੋਸਾ ਨੇ ਚੇਅਰਮੈਨ ਜ਼ਿਲ੍ਹਾ ਫਰੀਦਕੋਟ ਪਲਾਨਿੰਗ ਬੋਰਡ ਵਜੋਂ ਅਹੁਦਾ ਸੰਭਾਲਿਆ ਸਪੀਕਰ ਸੰਧਵਾਂ, ਵਿਧਾਇਕ ਸੇਖੋਂ ਅਤੇ ਵਿਧਾਇਕ ਅਮੋਲਕ ਸਿੰਘ ਨੇ ਦਿੱਤੀਆਂ ਵਧਾਈਆਂ



ਫ਼ਰੀਦਕੋਟ ,21 ਨਵੰਬਰ(ਰਘੂਨੰਦਨ ਪਰਾਸ਼ਰ ): ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਅੱਜ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਦੀ ਹਾਜ਼ਰੀ ਵਿੱਚ ਸ.ਗੁਰਤੇਜ ਸਿੰਘ ਖੋਸਾ ਨੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਵਜੋਂ ਆਪਣਾ ਅਹੁਦਾ ਸੰਭਾਲਿਆ। ਸਪੀਕਰ ਸੰਧਵਾਂ ਅਤੇ ਸਮੁੱਚੀ ਲੀਡਰਸ਼ਿਪ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਅਤੇ ਵਿਧਾਇਕ ਜੈਤੋ ਸ. ਅਮੋਲਕ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।ਸਪੀਕਰ ਸ.ਸੰਧਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਖੋਸਾ ਦੀ ਮਿਹਨਤ ਨੂੰ ਦੇਖਦਿਆਂ ਹੋਇਆ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ, ਉਨ੍ਹਾਂ ਆਸ ਪ੍ਰਗਟਾਈ ਕਿ ਸ. ਖੋਸਾ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਲਈ ਵੱਖ-ਵੱਖ ਪ੍ਰਾਜੈਕਟਾਂ ਤੇ ਕੰਮ ਕੀਤਾ ਜਾ ਰਿਹਾ ਹੈ ਜੋ ਕਿ ਜਲਦ ਹੀ ਪੂਰੇ ਕੀਤੇ ਜਾਣਗੇ। ਚੇਅਰਮੈਨ ਸ. ਖੋਸਾ ਨੇ ਸਪੀਕਰ ਸੰਧਵਾਂ ਨੂੰ ਯਕੀਨ ਦਿਵਾਇਆ ਕਿ ਉਹ ਇਸ ਜ਼ਿੰਮੇਵਾਰੀ ਨੂੰ ਇਮਾਨਦਾਰੀ, ਤਨਦੇਹੀ ਅਤੇ ਸਮਰਪਣ ਨਾਲ ਨਿਭਾਉਣਗੇ। ਜ਼ਿਲ੍ਹੇ ਦੀ ਤਰੱਕੀ, ਵਿਕਾਸ ਉਪਰਾਲਿਆਂ ਅਤੇ ਆਮ ਲੋਕਾਂ ਦੀ ਹਿੱਤਕਾਰੀ ਯੋਜਨਾਵਾਂ ਤੇ ਪੂਰਾ ਧਿਆਨ ਕੇਂਦਰਿਤ ਕੀਤਾ ਜਾਵੇਗਾ। ਉਨ੍ਹਾਂ ਇਹ ਸਫਲਤਾ ਪਾਰਟੀ ਦੇ ਸਾਰੇ ਵਲੰਟੀਅਰਾਂ ਅਤੇ ਆਪਣੇ ਸਮਰਥਕਾਂ ਨੂੰ ਸਮਰਪਿਤ ਕੀਤੀ।qਇਸ ਮੌਕੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਹਰ ਵਰਕਰ ਦੇ ਨਾਲ ਖੜ੍ਹੀ ਹੈ ਅਤੇ ਸਰਕਾਰ ਤੁਹਾਡੀ ਆਪਣੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ ਅਤੇ ਜੋ ਵੀ ਕੰਮ ਸ਼ਹਿਰ ਦੇ ਵਿਕਾਸ ਲਈ ਕਰਵਾਏ ਜਾ ਰਹੇ ਹਨ ਉਨ੍ਹਾਂ ਨੂੰ ਨਿਯਮਾਂ ਅਧੀਨ ਟੈਂਡਰ ਪ੍ਰਕ੍ਰਿਆ ਰਾਹੀਂ ਸਮੇਂ ਸਿਰ ਕਰਵਾਇਆ ਜਾ ਰਿਹਾ ਹੈ ।ਇਸ ਮੌਕੇ ਵਿਧਾਇਕ ਜੈਤੋ ਅਮੋਲਕ ਸਿੰਘ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਪੰਜਾਬ ਸਰਕਾਰ ਲੋਕ ਪੱਖੀ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਗੁਰਤੇਜ ਸਿੰਘ ਖੋਸਾ ਨੇ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਮੁਨੀਸ਼ ਸਿਸੋਦੀਆ ਇੰਚਾਰਜ ਪੰਜਾਬ, ਅਮਨ ਅਰੋੜਾ ਸੂਬਾ ਪ੍ਰਧਾਨ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਹ ਇਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਲੋਕਹਿੱਤ ਕਾਰਜਾਂ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹੇ ਅੰਦਰ ਜ਼ਿਲ੍ਹਾ ਪਲਾਨਿੰਗ ਕਮੇਟੀ ਰਾਹੀ ਵੱਡੇ ਪ੍ਰੋਜੈਕਟ ਲਿਆ ਕੇ ਜਿਲ੍ਹੇ ਦੇ ਵਿਕਾਸ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣਗੇ ਅਤੇ ਸਮੁੱਚੀ ਪਾਰਟੀ ਦੀ ਲੀਡਰਸ਼ਿਪ ਦੇ ਸਹਿਯੋਗ ਨਾਲ ਵਿਕਾਸ ਕਾਰਜਾਂ ਨੂੰ ਕਰਵਾਉਣਗੇ। ਇਸ ਮੌਕੇ ਸ. ਨਵਜੋਤ ਸਿੰਘ ਜਰਗ ਜੁਆਇੰਟ ਸੈਕਟਰੀ ਪੰਜਾਬ ਆਮ ਆਦਮੀ ਪਾਰਟੀ,ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਸਾਧੂ ਸਿੰਘ, ਸੁਖਜੀਤ ਸਿੰਘ ਢਿੱਲਵਾਂ, ਮਨਪ੍ਰੀਤ ਧਾਲੀਵਾਲ, ਗੈਰੀ ਵੜਿੰਗ, ਭਜਨ ਸਿੰਘ ਭਾਣਾ, ਅਮਰੀਕ ਸਿੰਘ ਸਰਪੰਚ, ਸੋਨੂੰ ਬੱਤਰਾ,ਰਵੀ ਬੁਗਰਾ, ਜਗਤਾਰ ਨੰਗਲ, ਵਿਪਨ ਲਾਂਬਾ, ਸੁਧੀਰ ਧੀਰਾ, ਗੁਰਪਿੰਦਰ

# ਪੰਜਾਬ ਰਾਜ ਦੀਆਂ ਮੰਡੀਆਂ ਵਿੱਚੋਂ 156.61 ਲੱਖ ਮੀਟ੍ਰਿਕ ਟਨ ਝੋਨੇ ਦੀ ਹੋਈ ਖਰੀਦ – ਹਰਚੰਦ ਸਿੰਘ ਬਰਸਟ

ਸਮਾਣਾ/ਪਟਿਆਲਾ 21 ਨਵੰਬਰ (ਦੀਵਾਨ ਥਰੇਜਾ) – ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਸਾਉਣੀ ਖਰੀਦ ਸੀਜਨ 2025-26 ਤਹਿਤ ਝੋਨੇ ਦੇ ਖਰੀਦ ਕਾਰਜਾਂ ਤੇ ਸੰਤੁਸ਼ਟੀ ਜਤਾਉਂਦੀਆਂ ਦੱਸਿਆ ਕਿ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ ਕੀਤੇ ਗਏ ਪੁਖਤਾ ਪ੍ਰਬੰਧਾਂ ਸਦਕਾ 156.61 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਖਰੀਦ ਹੋ ਚੁੱਕੀ ਹੈ ਅਤੇ ਕਿਸਾਨਾਂ ਨੂੰ ਫਸਲ ਦੀ ਅਦਾਇਗੀ ਵੀ ਨਾਲੋਂ-ਨਾਲ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆ ਸ. ਬਰਸਟ ਨੇ ਦੱਸਿਆ ਕਿ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ 20 ਨਵੰਬਰ ਤੱਕ 156.77 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ, ਜਿਸ ਵਿੱਚੋਂ 156.61 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋ ਚੁੱਕੀ ਹੈ। ਸਰਕਾਰੀ ਏਜੰਸੀਆਂ ਵੱਲੋਂ 156.38 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਖਰੀਦੇ ਗਏ ਝੋਨੇ ਦੀ 99 ਫੀਸਦੀ, ਲੱਗਭੱਗ 155.09 ਲੱਖ ਮੀਟ੍ਰਿਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ।

ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦੇ ਝੋਨੇ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਨੇ ਦੱਸਿਆ ਕਿ ਪਨਗ੍ਰੇਨ ਵੱਲੋਂ ਸਭ ਤੋਂ ਵੱਧ 66.12 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਖਰੀਦ ਕੀਤੀ ਗਈ ਹੈ। ਇਸੇ ਤਰ੍ਹਾਂ ਮਾਰਕਫੈਡ ਵੱਲੋਂ 39.68 ਲੱਖ ਮੀਟ੍ਰਿਕ ਟਨ, ਪਨਸਪ ਵਲੋਂ 32.50 ਲੱਖ ਮੀਟ੍ਰਿਕ ਟਨ, ਵੇਅਰ ਹਾਉਸ ਵੱਲੋਂ 17.66 ਲੱਖ ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 0.42 ਲੱਖ ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 0.23 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੀਜਨ ਦੌਰਾਨ ਸੂਬੇ ਵਿੱਚ ਬਠਿੰਡਾ ਜਿਲ੍ਹੇ ਵਿੱਚ ਸਭ ਤੋਂ ਵੱਧ 13.48 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ ਹੈ, ਜਦਕਿ ਦੂਜੇ



ਨੰਬਰ ਤੇ ਸੰਗਰੂਰ ਜਿਲ੍ਹੇ ਵਿੱਚ 13.25 ਲੱਖ ਮੀਟ੍ਰਿਕ ਟਨ ਅਤੇ ਤੀਜੇ ਨੰਬਰ ਤੇ ਲੁਧਿਆਣਾ ਜਿਲ੍ਹੇ ਵਿੱਚ 13.13 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ ਹੈ। ਬੀਤੇ ਵੀਰਵਾਰ ਨੂੰ ਮੰਡੀਆਂ ਵਿੱਚ 8032 ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ, ਜਦਕਿ 8205 ਮੀਟ੍ਰਿਕ ਟਨ ਦੀ ਖਰੀਦ ਹੋਈ ਹੈ ਅਤੇ 44604 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋਈ ਹੈ। ਉਨ੍ਹਾਂ ਦੱਸਿਆ ਕਿ ਜਿੱਥੇ ਖਰੀਦ ਸੀਜਨ 2024-25 ਦੌਰਾਨ ਫਸਲ ਦੀ ਖਰੀਦ 2320 ਰੁਪਏ ਐਮਐਸਪੀ ਤੇ ਹੋਈ ਸੀ, ਉੱਥੇ ਹੀ ਖਰੀਦ ਸੀਜਨ 2025-26 ਵਿੱਚ 2389 ਰੁਪਏ ਐਮਐਸਪੀ ਤੇ ਫਸਲ ਦੀ ਖਰੀਦ ਹੋਈ ਹੈ। ਇਸਦੇ ਨਾਲ ਹੀ 2410 ਰੁਪਏ ਪ੍ਰਤੀ ਕੁਵਿੰਟਲ ਤੇ ਵੀ ਫਸਲ ਦੀ ਖਰੀਦ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਖੜੀ ਹੈ। ਸੀਜਨ ਦੌਰਾਨ ਮੰਡੀਆਂ ਵਿੱਚ ਸਾਫ਼-ਸਫਾਈ, ਪੀਣ ਯੋਗ ਪਾਣੀ, ਬਾਥਰੂਮ, ਛਾਂ, ਬੈਠਣ ਆਦਿ ਦੇ ਕੀਤੇ ਗਏ ਪੁਖਤਾ ਪ੍ਰਬੰਧਾਂ ਕਰਕੇ ਕਿਸਾਨਾਂ, ਆੜ੍ਹਤੀਆਂ, ਮਜਦੂਰਾਂ ਸਮੇਤ ਕਿਸੇ ਨੂੰ ਵੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ ਹੈ।

ਸ. ਹਰਚੰਦ ਸਿੰਘ ਬਰਸਟ ਨੇ ਕਿਸਾਨਾਂ, ਮਜਦੂਰਾਂ, ਆੜ੍ਹਤੀਆਂ, ਮੰਡੀ ਬੋਰਡ/ਮਾਰਕਿਟ ਕਮੇਟੀਆਂ, ਵੱਖ-ਵੱਖ ਏਜੰਸੀਆਂ ਦੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਮੰਡੀਆਂ ਵਿੱਚ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ।

# ਨਗਰ ਕੌਂਸਲ ਵੱਲੋਂ ਕੀਤੀ ਵਾਰਡਬੰਦੀ ਦਾ ਨਕਸ਼ਾ ਨਾ ਦੇਣ ਅਤੇ ਨੋਟਿਸ ਬੋਰਡ ਤੇ ਉਜਾਗਰ ਨਾ ਕਰਨ ਤੇ ਕੁਝ ਕੌਂਸਲਰਾਂ ਨੇ ਜਤਾਇਆ ਇਤਰਾਜ

ਤਪਾ ਮੰਡੀ,21 ਨਵੰਬਰ ( ਧੀਮਾਨ)

ਨਗਰ ਕੌਂਸਲ ਤਪਾ ਵੱਲੋਂ ਸ਼ਹਿਰ ਦੇ ਵਾਰਡਾਂ ਦੀ ਨਵੀਂ ਵਾਰਡ ਬੰਦੀ ਕੀਤੀ ਗਈ ਹੈ, ਜਿਸ ਨੂੰ ਲੈ ਕੇ ਨਗਰ ਕੌਂਸਲ ਤਪਾ ਵੱਲੋਂ ਅਖਬਾਰਾਂ ਵਿਚ ਇਸ ਵਾਰਡਬੰਦੀ ਨੂੰ ਲੈ ਕੇ ਇਤਰਾਜ ਕਰਨ ਸਬੰਧੀ 18- 11 -2025 ਨੂੰ ਇਸ਼ਤਿਹਾਰ ਦੇ ਕੇ 7 ਦਿਨਾਂ ਦੇ ਅੰਦਰ ਅੰਦਰ ਇਤਰਾਜ ਜਾ ਸੁਝਾਅ ਕਰਨ ਸਬੰਧੀ ਕਿਹਾ ਗਿਆ ਹੈ, 7 ਦਿਨਾਂ ਬਾਅਦ ਕੋਈ ਵੀ ਇਤਰਾਜ ਜਾ ਸੁਝਾਅ ਨਹੀਂ ਸੁਣਿਆ ਜਾਵੇਗਾ। ਇਸ ਸਬੰਧੀ ਨਗਰ ਕੌਂਸਲ ਦੇ ਕੌਂਸਲਰਾਂ ਨੇ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਅਤੇ ਸਬੰਧਤ ਅਧਿਕਾਰੀ ਖਿਲਾਫ ਆਪਣਾ ਗੁੱਸਾ ਜਾਹਰ ਕਰਦਿਆਂ ਕਿਹਾ ਕਿ ਇਸ਼ਤਿਹਾਰ ਦਿੱਤੇ ਨੂੰ ਅੱਜ 4 ਦਿਨ ਹੋ ਗਏ ਹਨ ਪਰ ਨਗਰ ਕੌਂਸਲ ਵੱਲੋਂ ਅਖਬਾਰਾਂ ਵਿਚ ਛਪੇ ਇਸ ਇਤਰਾਜ ਕਰਨ



ਸਬੰਧੀ ਨੋਟਿਸ ਨੂੰ ਨਾ ਤਾਂ ਨਗਰ ਕੌਂਸਲ ਦੇ ਵਿਚ ਨੋਟਿਸ ਬੋਰਡ ਤੇ ਲਗਾਇਆ ਗਿਆ ਹੈ ਅਤੇ ਨਾ ਹੀ ਸ਼ਹਿਰ ਵਿਚ ਇਸ ਸਬੰਧੀ ਕੋਈ ਨੋਟਿਸ ਚੌਂਕ ਚੌਰਾਹੇ ਵਿਚ ਲਗਾਇਆ ਗਿਆ ਹੈ। ਕੌਂਸਲਰਾਂ ਨੇ ਕਿਹਾ ਕਿ ਉਨ੍ਹਾਂ ਨੂੰ ਅੱਜ 4 ਦਿਨ ਇਸ ਦੀ ਭਿਣਕ ਪਈ ਹੈ। ਜਦੋਂ ਇਸ ਸਬੰਧੀ ਉਨ੍ਹਾਂ ਵਾਰਡਬੰਦੀ ਦਾ ਨਕਸ਼ਾ ਸਬੰਧਤ ਅਧਿਕਾਰੀਆਂ ਨੂੰ ਦੇਣ ਦੀ ਗੱਲ ਆਖੀ ਤਾਂ ਉਹਨਾਂ ਨੇ ਆਪਣੇ ਫੋਨ ਬੰਦ ਕਰ ਲਏ ਅਤੇ ਸਬੰਧਤ ਅਧਿਕਾਰੀ ਲੋਕਲ ਨਗਰ ਕੌਂਸਲ ਨੇ ਆਪਣੇ ਆਪ ਨੂੰ ਕੋਰਟ ਵਿਚ ਹੋਣ ਦਾ ਵੇਰਵਾ ਦੇ ਕੇ ਪੱਲਾ ਝਾੜ ਲਿਆ।

ਸ਼ਹਿਰ ਦੇ ਸਥਾਨਕ ਲੋਕਾਂ ਵਿਚ ਵੀ ਇਸ ਸਬੰਧੀ ਲੋਕਾਂ ਨੂੰ ਕੋਈ ਵੀ ਜਾਣਕਾਰੀ ਨਾ ਦੇਣ ਤੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਵੱਲੋਂ ਦੋਸ਼ ਲਗਾਇਆ ਜਾ ਰਿਹਾ ਹੈ ਕਿ ਨਗਰ ਕੌਂਸਲ ਦਾ ਕਾਰਜ ਸਾਧਕ ਅਫਸਰ ਹਰਪ੍ਰੀਤ ਸਿੰਘ ਅਤੇ ਸਬੰਧਤ ਲੋਕਲ ਅਧਿਕਾਰੀ ਇਸ ਮਾਮਲੇ ਦੀ ਲੋਕਾਂ ਨੂੰ ਜਾਣਕਾਰੀ ਦੇਣ ਦੀ ਕੰਨੀ ਕਤਰਾ ਰਹੇ ਹਨ। ਸੰਬੰਧਤ ਕੌਂਸਲਰਾਂ ਅਤੇ ਸ਼ਹਿਰ ਦੇ ਲੋਕਾਂ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਵੋਟਾਂ ਤਾਂ ਲੋਕਲ ਤਪਾ ਮੰਡੀ ਨਿਵਾਸੀਆਂ ਨੇ ਪਾਉਣੀਆਂ ਹੁੰਦੀਆਂ ਹਨ ਪਰ ਕੁਝ ਕੌਂਸਲਰ ਵਾਰਡ ਦੀ ਭੰਨ ਤੋੜ ਕਰਕੇ ਇਸ ਨੂੰ ਆਪਣੇ ਲੇਵਲ ਤੇ ਸ਼ਹਿਰ ਵਿਚ ਭਾਈਚਾਰਕ ਸਾਂਝ ਅਤੇ ਸ਼ਹਿਰ ਦੀ ਦਿੱਖ ਨੂੰ ਖਰਾਬ ਕਰ ਰਹੇ ਹਨ।ਵੱਖ ਵੱਖ ਪਾਰਟੀਆਂ ਦੇ ਕੌਂਸਲਰਾਂ ਨੇ ਇਸ ਸਬੰਧੀ ਆਪਣੀ ਸ਼ਿਕਾਇਤ ਨਗਰ ਕੌਂਸਲ ਵਿਚ ਇੱਕ ਪੱਤਰ ਰਾਹੀ ਦਰਜ ਕਰਵਾ ਦਿੱਤੀ ਹੈ।ਨਗਰ ਕੌਂਸਲਰਾਂ ਸਾਬਕਾ ਕੌਂਸਲਰਾਂ ਅਤੇ ਚੋਣਾਂ ਲੜਨ ਦੇ ਚਾਹਵਾਨ ਵਿਅਕਤੀਆਂ ਨੇ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਹੈ ਕੀ ਉਨਾਂ ਨੂੰ ਵਾਰਡਬੰਦੀ ਦਾ ਨਕਸ਼ਾ ਦੇਣ ਤੋਂ ਬਾਅਦ ਇਤਰਾਜ਼ ਕਰਨ ਦਾ ਸੱਤ ਦਿਨ ਦਾ ਸਮਾਂ ਦਿੱਤਾ ਜਾਵੇ ਤਾਂ ਜੋ ਲੋਕਾਂ ਨੂੰ ਇਤਰਾਜ਼ ਕਰਨ ਦਾ ਟਾਈਮ ਮਿਲ ਸਕੇ ਅਤੇ ਚੋਣ ਕਮਿਸ਼ਨ ਸਬੰਧਤ ਅਧਿਕਾਰੀਆਂ ਉੱਪਰ ਅਣਗਹਿਲੀ ਕਰਨ ਕਾਰਨ ਉਚਿਤ ਕਾਰਵਾਈ ਕਰੇ। ਇਸ ਮਸਲੇ ਸਬੰਧੀ ਜਦ ਕਾਰਜ ਸਾਧਕ ਅਫਸਰ ਅਤੇ ਸਬੰਧਤ ਲੋਕਲ ਅਧਿਕਾਰੀ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨਾ ਸਬੰਧਤ ਸਾਰੇ ਅਧਿਕਾਰੀਆਂ ਨੇ ਨੇ ਫੋਨ ਬੰਦ ਕਰ ਲਏ।

# ਬਲਤੇਜ ਪਨੂੰ ਗੁਰਦੁਆਰਾ ਦੁਖਨਿਵਾਰਨ ਸਾਹਿਬ ਅਤੇ ਮੰਦਿਰ ਸ਼੍ਰੀ ਕਾਲੀ ਦੇਵੀ ਜੀ ਵਿਖੇ ਹੋਏ ਨਤਮਸਤਕ ਮੈਂ ਪਾਰਟੀ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਾਂਗਾ

ਆਮ ਆਦਮੀ ਪਾਰਟੀ ਪੰਜਾਬ ਦੇ ਨਵ ਨਿਯੁਕਤ ਸੂਬਾ ਜਨਰਲ ਸਕੱਤਰ ਬਲਤੇਜ ਪਨੂੰ ਨੇ ਪਾਰਟੀ ਸੰਗਠਨ ਵਿੱਚ ਅਹਿਮ ਜ਼ਿੰਮੇਵਾਰੀ ਸੰਭਾਲਣ ਤੋਂ ਕੁੱਝ ਹੀ ਘੰਟਿਆਂ ਬਾਅਦ ਅੱਜ ਇਤਿਹਾਸਕ ਗੁਰਦੁਆਰਾ ਦੁਖਨਿਵਾਰਨ ਸਾਹਿਬ ਪਟਿਆਲਾ ਅਤੇ ਇਤਿਹਾਸਕ ਮੰਦਿਰ ਸ਼੍ਰੀ ਕਾਲੀ ਦੇਵੀ ਜੀ ਪਟਿਆਲਾ ਵਿਖੇ ਜ਼ਿਲ੍ਹੇ ਦੀ ਸਮੁੱਚੀ ਪਾਰਟੀ ਲੀਡਰਸ਼ਿਪ ਅਤੇ ਵਲੰਟੀਅਰਜ਼ ਨਾਲ ਨਤਮਸਤਕ ਹੋ ਕੇਪਰਮਾਤਮਾ ਦਾ ਧੰਨਵਾਦ ਕਰਦੇ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਲਈ ਅਸ਼ੀਰਵਾਦ ਲਿਆ ਅਤੇ ਪਾਰਟੀ ਦੀ ਚੜ੍ਹਦੀਕਲਾ ਲਈ ਅਰਦਾਸ ਕੀਤੀ।ਬਲਤੇਜ ਪਨੂੰ ਸੂਬਾ ਜਨਰਲ ਸਕੱਤਰ ਨੇ ਮੱਥਾ ਟੇਕਣ ਮਗਰੋਂ ਪ੍ਰੈਸ ਨਾਲ ਗੱਲਬਾਤ ਕਰਦੇ ਉਨ੍ਹਾਂ ਕਿਹਾ ਕਿ ਮੈਂ ਸਰਬਤ ਦੇ ਭਲੇ ਦੀ ਅਰਦਾਸ ਕਰਨ ਅਤੇ ਪੰਜਾਬ ਲਈ ਦਿਨ ਰਾਤ ਇਕ ਕਰਕੇ ਕੰਮ ਕਰਨ ਦੀ ਤਾਕਤ ਲੈਣ ਲਈ ਪਰਮਾਤਮਾ ਦਾ ਅਸ਼ੀਰਵਾਦ ਲੈਣ ਆਇਆ ਹਾਂ। ਉਨ੍ਹਾਂ ਕਿਹਾ ਕਿ ਮੈਂ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਹੈ ਜਿਸਨੇ ਮੈਨੂੰ ਜੋ ਕਿ ਇਕ ਸਧਾਰਨ ਪਰਿਵਾਰ ਵਿਚੋਂ ਹਾਂ, ਨੂੰ ਇੰਨੀ ਵੱਡੀ ਜ਼ਿੰਮੇਵਾਰੀ ਬਖਸ਼ੀ ਹੈ। ਉਨ੍ਹਾਂ ਕਿਹਾ ਕਿ ਮੈਂ ਅਰਦਾਸ ਕੀਤੀ ਹੈ ਕਿ ਪਰਮਾਤਮਾ ਮੈਨੂੰ ਇੰਨੀ ਸਮਰਥਾ ਦੇਵੇ ਕਿ ਮੈਂ ਪੰਜਾਬ ਦੇ ਭਲੇ ਲਈ ਦਿਨ ਰਾਤ ਇਕ ਕਰ ਸਕਾਂ।

ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਲੋਕਾਂ ਦੀ ਚੁਣੀ ਸਰਕਾਰ ਨੇ ਫੈਸਲੇ ਕਰਨੇ ਹੁੰਦੇ ਹਨ ਅਤੇ ਮੇਰੀ ਕੋਸ਼ਿਸ਼ ਰਹੇਗੀ ਕਿ ਮੈਂ ਆਪਣੀ ਸਰਕਾਰ ਤੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਦਾ ਲਾਭ ਹਰ ਲੋੜਵੰਦ ਨੂੰ ਆਪਣੀ ਟੀਮ ਰਾਹੀਂ ਦੇ ਸਕਾਂ। ਉਨ੍ਹਾਂ ਕਿਹਾ ਕਿ ਮੇਰੀ ਟੀਮ ਦਾ ਉਪਰਾਲਾ ਰਹੇਗਾ ਕਿ ਅਸੀਂ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰੀਏ ਅਤੇ ਆਪਣੀ ਪਾਰਟੀ ਦੀਸਰਕਾਰ ਦੇ ਤਰਜੀਹੀ ਖੇਤਰ ਸਿਹਤ, ਸਿੱਖਿਆ, ਅਮਨ ਕਾਨੂੰਨ, ਭਾਈਚਾਰਕ ਸਾਂਝ ਲਈ ਲਗਾਤਾਰ ਕੰਮ ਕਰਦੇ ਹੋਏ ਆਮ ਲੋਕਾਂ ਤਕ ਇਸਦਾ ਲਾਭ ਪਹੁੰਚਾ ਸਕੀਏ।

ਬਲਤੇਜ ਪਨੂੰ ਨੇ ਕਿਹਾ ਮੈਂ ਤਹਿ ਦਿਲੋਂ ਧੰਨਵਾਦੀ ਹਾਂ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਜੀ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਜੀ, ਪੰਜਾਬ ਆਮ ਆਦਮੀ ਪਾਰਟੀ ਦੇ ਇੰਚਾਰਜ ਸ੍ਰੀ ਮਨੀਸ਼ ਸ਼ਿਸ਼ੋਦੀਆ ਜੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਜੀ ਦਾ ਜਿਨਾਂ ਨੇ ਮੈਨੂੰ ਪਾਰਟੀ ਦੇ ਜਨਰਲ ਸਕਤਰ ਦੇ ਅਹਿਮ ਅਹੁਦੇ ਤੇ ਨਿਯੁਕਤ ਕੀਤਾ ਹੈ। ਮੈਂ ਪਾਰਟੀ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਾਂਗਾ। ਮੇਰੀ ਇਹ ਕੋਸ਼ਿਸ਼ ਰਹੇਗੀ ਕਿ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਵਾਲੰਟੀਅਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ, ਪਾਰਟੀ ਦੇ ਸਾਰੇ ਵਾਲੰਟੀਅਰ ਮੇਰੇ ਆਪਣੇ ਹਨ, ਮੇਰਾ ਉਨਾਂ ਨਾਲ ਵਿਸ਼ੇਸ਼ ਲਗਾਵ ਹੈ, ਇਹਨਾਂ



ਵਾਲੰਟੀਅਰ ਦੀ ਮਿਹਨਤ ਸਦਕਾ ਹੀ ਅਸੀਂ 2017 ਵਿੱਚ ਪੰਜਾਬ ਦੀ ਵਿਰੋਧੀ ਧਿਰ ਵਿੱਚ ਆਏ, ਅਤੇ ਫੇਰ ਉਸ ਤੋਂ 2022 ਵਿੱਚ ਪੰਜਾਬ 'ਚ ਪਾਰਟੀ ਦੀ ਸਰਕਾਰ ਬਣਾਈ, ਉਹ ਸਿਰਫ ਤੇ ਸਿਰਫ ਇਹਨਾਂ ਵਾਲੰਟੀਅਰਜ ਦੇ ਸਿਰ ਤੇ ਹੀ ਬਣਾਈ। ਉਹਨਾਂ ਕਿਹਾ ਕਿ ਅਸੀਂ ਮਿਹਨਤ ਕਰਨ ਵਾਲੇ ਹਾਂ, ਅਸੀਂ ਮਿਹਨਤ ਕਰਨ ਤੋਂ ਨਹੀਂ ਡਰਦੇ, ਸਾਨੂੰ ਜਿੰਨੀ ਵੀ ਮਿਹਨਤ ਕਰਨੀ ਪਵੇ, ਸਾਡੀ ਪਾਰਟੀ ਦਾ ਇਕੋ ਮਿਸ਼ਨ 2027 ਹੈ। ਸਾਡੀ ਪਾਰਟੀ ਦੇ ਸਾਰੇ ਵਾਲੰਟੀਅਰ ਇੱਕਜੁਟ-ਇੱਕਮੁੱਠ ਹਨ, ਹੁਣ ਆਉਣ ਵਾਲੇ ਸਮੇਂ ਵਿੱਚ ਵੀ ਇਹਨਾਂ ਵਾਲੰਟੀਅਰ ਦੀ ਮਿਹਨਤ ਸਦਕਾ ਅਸੀਂ ਇਕ ਵਾਰ ਫੇਰ 2027 'ਚ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਵਾਂਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਦੇ ਵਾਲੰਟੀਅਰਜ਼ ਦੇ ਨਾਲ-ਨਾਲ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਹਲਕਾ ਸਨੌਰ ਦੇ ਹਲਕਾ ਇੰਚਾਰਜ ਅਤੇ ਪੀਆਰਟੀਸੀ ਚੇਅਰਮੈਨ ਰਣਜੋਧ ਸਿੰਘ ਹਡਾਣਾ, ਪਟਿਆਲਾ ਦੇ ਮੇਅਰ ਕੁੰਦਨ ਗੋਗੀਆ, ਚੇਅਰਮੈਨ ਤੇ ਪਟਿਆਲਾ ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ, ਪਟਿਆਲਾ ਯੋਜਨਾ ਬੋਰਡ ਚੇਅਰਮੈਨ ਅਤੇ ਜ਼ਿਲਾ ਪ੍ਰਧਾਨ ਤੇਜਿੰਦਰ ਮਹਿਤਾ, ਚੇਅਰਮੈਨ ਅਤੇ ਜ਼ਿਲਾ ਪ੍ਰਧਾਨ ਦਿਹਾਤੀ, ਮੇਘ ਚੰਦ ਸ਼ੇਰਮਾਜਰਾ, ਚੇਅਰਮੈਨ ਜੱਸੀ ਸੋਹੀਆਂ ਵਾਲਾ, ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਡਿਪਟੀ ਮੇਅਰ ਹਰਿੰਦਰ ਕੋਹਲੀਮੀਡਿਆ ਇੰਚਾਰਜ ਹਰਪਾਲ ਜੁਨੇਜਾ ਮਹਿੰਦਰ ਮੋਹਨ ਜੇਨ ਸੈਕਟਰੀ, ਪ੍ਰਿੰਸ ਲਾਬਾਂ ਜਿਲਾ ਮੀਡੀਆ ਇੰਚਾਰਜ, ਗੱਜਣ ਸਿੰਘ ਜਿਲਾ ਮੀਡੀਆ ਸੈਕਟਰੀ, ਅਮਿਤ ਡਾਬੀ ਜਿਲਾ ਸੈਕਟਰੀ, ਮੀਡੀਆ ਇੰਚਾਰਜ ਸੰਦੀਪ ਬੰਧੂ, ਜਸਵਿੰਦਰ ਰਿੰਪਾ ਸਹਿ-ਇੰਚਾਰਜ ਮੀਡੀਆ, ਸੁਮੀਤ ਟਕੇਜਾ, ਜਿਲਾ ਸ਼ੋਸ਼ਲ ਮੀਡੀਆ ਇੰਚਾਰਜ, ਸੀਨੀਅਰ ਐਡਵੋਕੇਟ ਦੀਕਸ਼ਿਤ ਰਾਜ ਕਪੂਰ, ਸੀਨੀਅਰ ਆਗੂ ਗੋਲਡੀ ਲਾਦੇਨ, ਰਾਜਿੰਦਰ ਮੋਹਨ, ਰਾਜਾ ਮਨਦੀਪ ਸਿੰਘ, ਗੁਰਵਿੰਦਰ ਸਿੰਘ, ਅਭਿਸ਼ੇਕ ਸ਼ਰਮਾ, ਰਿਸ਼ਵਤ ਰਾਜਪੂਤ, ਜਸਪਾਲ ਜੱਜ, ਰਾਹੁਲ ਮਹਿਤਾ, ਮੋਂਟੀ ਗਰੋਵਰ, ਅਤੇ ਆਮ ਆਦਮੀ ਪਾਰਟੀ ਦੇ ਸਾਰੇ ਟਕਸਾਲੀ ਵਾਲੰਟੀਅਰ ਮੋਜੂਦ ਸਨ।

# ਕਾਨਪੁਰ ਦੇ ਲਾਪਤਾ ਐਕਸੀਅਨ ਦੀ ਗੰਗਾ ਵਿੱਚ ਭਾਲ ਜਾਰੀ ਹੈ; ਅਜੇ ਤੱਕ ਕੋਈ ਸੁਰਾਗ ਨਹੀਂ, ਪਤਨੀ ਨਾਲ ਝਗੜੇ ਦੀਆਂ ਅਫਵਾਹਾਂ

।ਸੁਨੀਲ ਬਾਜਪਾਈਕਾਨਪੁਰ। ਪੁਲਿਸ ਪੰਕੀ ਪਾਵਰ ਹਾਊਸ ਦੇ ਐਕਸੀਅਨ ਅਤੁਲ ਕੁਮਾਰ ਰਾਏ ਦੀ ਗੰਗਾ ਨਦੀ ਵਿੱਚ ਲਗਾਤਾਰ ਭਾਲ ਕਰ ਰਹੀ ਹੈ, ਜੋ ਕਿ 18 ਨਵੰਬਰ ਤੋਂ ਲਾਪਤਾ ਹੈ, ਪਰ ਹੁਣ ਤੱਕ ਉਸਦਾ ਕੋਈ ਸੁਰਾਗ ਨਹੀਂ ਮਿਲਿਆ ਹੈ।ਉਸਦੀ ਕਾਰ ਕੱਲ੍ਹ ਜਾਜਮੌ ਪੁਲ ਦੇ ਨੇੜੇ ਮਿਲੀ ਸੀ। ਉਸਦਾ ਮੋਬਾਈਲ ਫੋਨ, ਬਟੂਆ ਅਤੇ ਕਾਗਜ਼ਾਤ ਵੀ ਬਰਾਮਦ ਹੋਏ ਹਨ।ਪੁਲਿਸ ਨੂੰ ਸ਼ੱਕ ਹੈ ਕਿ ਉਸਨੇ ਗੰਗਾ ਵਿੱਚ ਛਾਲ ਮਾਰ ਕੇ ਖੁਦਕੁਸ਼ੀ ਕੀਤੀ ਹੋ ਸਕਦੀ ਹੈ।ਇਸ ਸੰਭਾਵਨਾ ਨੂੰ ਦੇਖਦੇ ਹੋਏ, ਟੀਮਾਂ ਨੇ ਸ਼ੁੱਕਰਵਾਰ



ਨੂੰ ਲਗਭਗ 10 ਕਿਲੋਮੀਟਰ ਤੱਕ ਨਦੀ ਦੀ ਭਾਲ ਸ਼ੁਰੂ ਕਰ ਦਿੱਤੀ। ਕਿਸ਼ਤੀਆਂ ਹਰ ਖੇਤਰ ਦੀ ਜਾਂਚ ਕਰ ਰਹੀਆਂ ਹਨ। ਤੇਜ਼ ਕਰੰਟ ਅਤੇ ਡੂੰਘੇ ਖੇਤਰਾਂ ਵਿੱਚ ਜਾਲ ਵੀ ਪਾਏ ਗਏ ਹਨ।ਐਨਡੀਆਰਐਫ ਅਤੇ ਜਲ ਪੁਲਿਸ ਦੀਆਂ ਟੀਮਾਂ ਸਾਂਝੇ ਤੌਰ 'ਤੇ ਐਕਸੀਅਨ ਅਤੁਲ ਕੁਮਾਰ ਰਾਏ ਦੀ ਭਾਲ ਕਰ ਰਹੀਆਂ ਹਨ।ਪੁਲਿਸ ਸੀਸੀਟੀਵੀ ਫੁਟੇਜ ਦੀ ਵੀ ਸਮੀਖਿਆ ਕਰ ਰਹੀ ਹੈ ਕਿ ਅਤੁਲ ਪੁਲ 'ਤੇ ਕਿਵੇਂ ਪਹੁੰਚਿਆ।ਇਸ ਸਮੇਂ, ਪਰਿਵਾਰ ਬੋਲਣ ਤੋਂ ਇਨਕਾਰ ਕਰ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਉਸਦਾ ਆਪਣੀ ਪਤਨੀ ਨਾਲ ਝਗੜਾ ਹੈ ਅਤੇ ਉਹ ਮਹੀਨਿਆਂ ਤੋਂ ਘਰ ਨਹੀਂ ਆਇਆ ਹੈ। ਇਸ ਲਈ, ਪੁਲਿਸ ਨਿੱਜੀ ਮੁੱਦਿਆਂ ਅਤੇ ਤਣਾਅ ਦੀ ਵੀ ਜਾਂਚ ਕਰ ਰਹੀ ਹੈ। ਹਾਲਾਂਕਿ, ਹੁਣ ਤੱਕ, ਉਸਦਾ ਕੋਈ ਸੁਰਾਗ ਨਹੀਂ ਮਿਲਿਆ ਹੈ। ਭਾਲ ਜਾਰੀ ਹੈ। ਪੁਲਿਸ ਦਾ ਦਾਅਵਾ ਹੈ ਕਿ ਸਥਿਤੀ ਜਲਦੀ ਹੀ ਸਪੱਸ਼ਟ ਹੋ

# ਦਸਮੇਸ਼ ਪਿਤਾ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ 23 ਨੂੰ ਹੋਵੇਗਾ ਧਾਰਮਕ ਸਮਾਗਮ

ਪਟਿਆਲਾ 21 ਨਵੰਬਰ ()ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਕਰਵਾਈ ਗਈ। ਇਸ ਮੌਕੇ ਉਚੇਚੇ ਤੌਰ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼ਿਰਕਤ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਭਾਈ ਗੁਲਵਿੰਦਰ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਹੋਈ। ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਦੱਸਿਆ ਕਿ ਜਿਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੌਂਵੇਂ



ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਕਰਵਾ ਰਹੀ ਹੈ, ਉਥੇ ਹੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋ ਬਿੰਦ ਸਿੰਘ ਜੀ ਦਾ ਗੁਰਤਾਗੱਦੀ ਦਿਵਸ ਜੋਸ਼ੋ ਖਰੋਸ਼ ਨਾਲ ਮਨਾਏਗੀ। ਉਨ੍ਹਾਂ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 23 ਨਵੰਬਰ ਨੂੰ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਪਾਏ ਜਾਣਗੇ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਨੌਂਵੇਂ ਪਾਤਸ਼ਾਹ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੇ ਨਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਰਤਾਗੱਦੀ ਦਿਵਸ ਸੰਗਤਾਂ ਸਮਾਗਮਾਂ ਵਿਚ ਸ਼ਿਰਕਤ ਕਰਕੇ ਮਨਾਉਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਕਾਉਟੈਂਟ ਗੁਰਮੀਤ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਹਜ਼ੂਰ ਸਿੰਘ, ਭਾਈ ਹਰਵਿੰਦਰ ਸਿੰਘ ਕਾਹਲਵਾਂ ਆਦਿ

# ਸ੍ਰੀ ਅਨੰਦਪੁਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ 'ਚ ਪੁੱਜਣ ਵਾਲੀ ਸੰਗਤ ਦੀ ਸਹੂਲਤ ਲਈ "AnandpurSahib350.com" ਵੈਬਸਾਈਟ ਤੇ ਮੋਬਾਈਲ ਐਪ ਲਾਂਚ

ਸ੍ਰੀ ਅਨੰਦਪੁਰ ਸਾਹਿਬ, 21 ਨਵੰਬਰ (ਅਜੈ ਪੁਰੀ)'ਸੰਗਤ' ਲਈ ਸਹਿਜ ਅਤੇ ਅਧਿਆਤਮਕ ਅਨੁਭਵ ਨੂੰ ਯਕੀਨੀ ਬਣਾਉਣ ਲਈ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਇੱਕ ਵਿਆਪਕ ਡਿਜੀਟਲ ਪਹਿਲਕਦਮੀ "AnandpurSahib350.com" ਦੀ ਸ਼ੁਰੂਆਤ ਕੀਤੀ, ਜੋ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ 'ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ 'ਚ ਪੁੱਜਣ ਵਾਲੀ ਸੰਗਤ ਦੀ ਸਹੂਲਤ ਲਈ ਇੱਕ ਸਮਰਪਿਤ ਮੋਬਾਈਲ ਐਪਲੀਕੇਸ਼ਨ ਅਤੇ ਵੈੱਬਸਾਈਟ ਹੈ।

ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਅਤਿ-ਆਧੁਨਿਕ ਪਲੇਟਫਾਰਮ ਵੰਨ-ਸਟਾਪ ਡਿਜੀਟਲ ਸਲਿਊਸ਼ਨ ਵਜੋਂ ਤਿਆਰ ਕੀਤਾ ਗਿਆ ਹੈ, ਜੋ ਸਮੁੱਚੀ ਸੰਗਤ ਲਈ ਇੱਕ ਸੁਰੱਖਿਅਤ, ਚੰਗੀ ਤਰ੍ਹਾਂ ਪ੍ਰਬੰਧਿਤ ਅਤੇ ਅਧਿਆਤਮਕ ਅਨੁਭਵ ਨੂੰ ਯਕੀਨੀ ਬਣਾਉਣ ਲਈ ਅਸਲ-ਸਮੇਂ ਦੀ ਜਾਣਕਾਰੀ ਅਤੇ ਲੌਜਿਸਟਿਕਲ ਸਹਾਇਤਾ ਪ੍ਰਦਾਨ ਕਰਦਾ ਹੈ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ 'ਸਰਬੱਤ ਦੇ ਭਲੇ' ਦੀ ਭਾਵਨਾ ਨਾਲ ਹਰ ਸ਼ਰਧਾਲੂ ਦੀ ਸਹੂਲਤ ਅਤੇ ਸਤਿਕਾਰ ਦੇ ਉੱਚਤਮ ਮਿਆਰਾਂ ਨਾਲ ਸੇਵਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ "AnandpurSahib350.c o m ." ਪਲੇਟਫਾਰਮ ਇਸੇ ਵਚਨਬੱਧਤਾ ਦਾ ਪ੍ਰਮਾਣ ਹੈ, ਜੋ ਅਤਿ-ਆਧੁਨਿਕ ਤਕਨਾਲੋਜੀ ਦੀ ਵਰਤੋਂ ਕਰਦਿਆਂ ਸੰਗਤ ਨੂੰ ਲੋੜੀਂਦੀ ਜਾਣਕਾਰੀ ਪ੍ਰਦਾਨ ਕਰੇਗਾ। ਇਹ ਪਲੇਟਫ਼ਾਰਮ ਸਮੁੱਚੀ ਯੋਜਨਾਬੰਦੀ ਅਤੇ ਪ੍ਰਬੰਧਾਂ ਦਾ ਜ਼ਿੰਮਾ ਸਾਡੇ 'ਤੇ ਛੱਡਦਿਆਂ ਸੰਗਤ ਨੂੰ ਪੂਰੀ ਸ਼ਰਧਾ ਭਾਵਨਾ ਨਾਲ ਸਮਾਗਮਾਂ ਵਿੱਚ ਸ਼ਮੂਲੀਅਤ ਦੀ ਸਹੂਲਤ ਪ੍ਰਦਾਨ ਕਰੇਗਾ। ਉਨ੍ਹਾਂ ਨੇ ਸਾਰਿਆਂ ਨੂੰ ਇਨ੍ਹਾਂ ਮਹੱਤਵਪੂਰਨ ਪਲੇਟਫ਼ਾਰਮਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

ਸ. ਹਰਜੋਤ ਸਿੰਘ ਬੈਂਸ ਨੇ ਡਿਜੀਟਲ ਪਲੇਟਫਾਰਮ ਦੀਆਂ ਵਿਆਪਕ ਵਿਸ਼ੇਸ਼ਤਾਵਾਂ ਨੂੰ ਉਜਾਗਰ ਕਰਦਿਆਂ ਦੱਸਿਆ ਕਿ ਇਸ ਵਿੱਚ ਇੱਕ ਕੇਂਦਰੀਕ੍ਰਿਤ ਇਨਫਰਮੇਸ਼ਨ ਹੱਬ ਦੀ ਸਹੂਲਤ ਦਿੱਤੀ ਗਈ ਹੈ ਜੋ ਸਮਾਗਮਾਂ ਦੀ ਸਮਾਂ-ਸਾਰਣੀ, ਪਵਿੱਤਰ ਯਾਦਗਾਰੀ ਸਮਾਰੋਹਾਂ ਦੀ



ਲਾਈਵ ਸਟ੍ਰੀਮਿੰਗ, ਨਗਰ ਕੀਰਤਨ ਦੇ ਰੂਟਾਂ ਅਤੇ ਇਤਿਹਾਸਕ ਜਾਣਕਾਰੀ ਨੂੰ ਪੰਜਾਬੀ ਅਤੇ ਅੰਗਰੇਜ਼ੀ ਵਿੱਚ ਪੇਸ਼ ਕਰਦਾ ਹੈ। ਇਹ ਪਲੇਟਫਾਰਮ ਸੁਚੱਜੇ ਢੰਗ ਨਾਲ ਲੌਜਿਸਟਿਕ ਪ੍ਰਬੰਧਨ ਦੀ ਸਹੂਲਤ ਵੀ ਪ੍ਰਦਾਨ ਕਰਦਾ ਹੈ, ਜੋ ਸ਼ਰਧਾਲੂਆਂ ਨੂੰ 30 ਤੋਂ ਵੱਧ ਨਿਰਧਾਰਤ ਪਾਰਕਿੰਗ ਖੇਤਰਾਂ ਅਤੇ ਤਿੰਨ ਟੈਂਟ ਸਿਟੀਆਂ ਬਾਰੇ ਅਸਲ-ਸਮੇਂ ਦੀ ਜਾਣਕਾਰੀ ਦੇਣ ਅਤੇ ਟੈਂਟ ਸਿਟੀਜ਼ 'ਚ ਰਿਹਾਇਸ਼ ਲਈ ਬੁਕਿੰਗ ਵਾਸਤੇ ਮਦਦ ਕਰਦਾ ਹੈ। ਇਸ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਮਹਿਜ਼ ਇੱਕ ਕਿਲੋਮੀਟਰ ਦੀ ਦੂਰੀ 'ਤੇ ਇੱਕ ਵਿਲੱਖਣ 'ਟਰੈਕਟਰ-ਟਰਾਲੀ ਸਿਟੀ' ਸਥਾਪਤ ਕੀਤੀ ਗਈ ਹੈ, ਜੋ ਸੰਗਤ ਲਈ ਨਿਰਵਿਘਨ ਸੰਪਰਕ ਨੂੰ ਯਕੀਨੀ ਬਣਾਏਗੀ।ਉਨ੍ਹਾਂ ਅੱਗੇ ਦੱਸਿਆ ਕਿ ਡਿਜੀਟਲ ਪਲੇਟਫਾਰਮ ਨਿਰਵਿਘਨ ਆਵਾਜਾਈ ਸੇਵਾਵਾਂ, ਜਿਸ ਵਿੱਚ 65 ਮਿੰਨੀਬੱਸਾਂ ਅਤੇ 500 ਈ-ਰਿਕਸ਼ਾ ਦੀ 24 ਘੰਟੇ ਸੇਵਾ ਸ਼ਾਮਲ ਹੈ, ਬਾਰੇ ਅਸਲ-ਸਮੇਂ ਦੀ ਜਾਣਕਾਰੀ ਵੀ ਪ੍ਰਦਾਨ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਪਲੇਟਫਾਰਮ ਨਾਲ ਸਾਰੀਆਂ ਪਾਰਕਿੰਗ ਥਾਵਾਂ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਸਮੇਤ ਮੁੱਖ ਸਮਾਗਮ ਵਾਲੇ ਸਥਾਨਾਂ ਆਦਿ ਨਾਲ ਨਾਲ ਜੋੜਿਆ ਗਿਆ ਹੈ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਵਿਆਪਕ ਸਿਹਤ ਉਪਾਵਾਂ ਤਹਿ 19 'ਆਮ ਆਦਮੀ ਕਲੀਨਿਕ', ਅੱਖਾਂ ਦੇ ਦੋ ਵਿਸ਼ੇਸ਼ ਕੈਂਪ ਅਤੇ ਕਈ ਸਿਹਤ ਜਾਂਚ ਸਟੇਸ਼ਨ ਸ਼ਾਮਲ ਹਨ, ਜੋ ਮੁਫਤ ਦਵਾਈਆਂ, ਟੈਸਟ ਅਤੇ ਐਮਰਜੈਂਸੀ ਦੇਖਭਾਲ ਸੇਵਾਵਾਂ ਦੀ ਪੇਸ਼ਕਸ਼ ਕਰਨਗੇ। ਇਸ ਤੋਂ ਇਲਾਵਾ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਰਣਨੀਤਕ ਥਾਵਾਂ 'ਤੇ ਐਂਬੂਲੈਂਸਾਂ ਵੀ ਤਾਇਨਾਤ ਕੀਤੀਆਂ ਗਈਆਂ ਹਨ।

ਸ. ਬੈਂਸ ਨੇ ਕਿਹਾ ਕਿ ਸ਼ਹਿਰ ਵਿੱਚ 26 ਮੋਬਾਈਲ ਟਾਇਲਟ ਵੈਨਾਂ, ਜਿਨ੍ਹਾਂ ਦੀ ਨਿਯਮਤ ਸਫ਼ਾਈ ਰੱਖੀ ਜਾਵੇਗੀ, ਰਾਹੀਂ ਸਾਫ਼-ਸਫ਼ਾਈ ਦੇ ਉੱਚ ਮਿਆਰਾਂ ਨੂੰ ਕਾਇਮ ਰੱਖਿਆ ਜਾਵੇਗਾ। ਇਸ ਤੋਂ ਇਲਾਵਾ ਸੰਗਤ ਦੇ ਇਸ਼ਨਾਨ ਲਈ ਵੀ ਢੁਕਵੀਂ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਏਕੀਕ੍ਰਿਤ ਸੀਸੀਟੀਵੀ ਕੈਮਰੇ, ਐਲਈਡੀ ਸਕ੍ਰੀਨਾਂ ਅਤੇ ਜਨਤਕ ਘੋਸ਼ਣਾ ਪ੍ਰਣਾਲੀ ਸੰਗਤ ਨੂੰ ਲਾਈਵ ਟ੍ਰੈਫਿਕ ਐਡਵਾਈਜ਼ਰੀਜ਼ ਅਤੇ ਮਹੱਤਵਪੂਰਨ ਅਲਰਟ ਪ੍ਰਦਾਨ ਕਰਦਿਆਂ ਪਲ-ਪਲ ਦੀ ਜਾਣਕਾਰੀ ਪ੍ਰਦਾਨ ਕਰਨਗੇ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਵੈੱਬਸਾਈਟ ਹੁਣ AnandpurSahib350.co m 'ਤੇ ਲਾਈਵ ਹੈ। ਇਸ ਦੇ ਨਾਲ ਹੀ ਇਸ ਸਬੰਧੀ ਮੋਬਾਈਲ ਐਪਲੀਕੇਸ਼ਨ ਗੂਗਲ ਪਲੇਅ ਸਟੋਰ ਅਤੇ ਐਪਲ ਦੇ ਐਪ ਸਟੋਰ 'ਤੇ ਡਾਊਨਲੋਡ ਲਈ ਉਪਲੱਬਧ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਰੇ ਸੇਵਾਦਾਰਾਂ ਅਤੇ ਭਾਈਚਾਰੇ ਦਾ ਉਨ੍ਹਾਂ ਦੀਆਂ ਸਮਰਪਿਤ ਸੇਵਾਵਾਂ ਲਈ ਦਿਲੋਂ ਧੰਨਵਾਦ ਕਰਦੀ ਹੈ। ਉਨ੍ਹਾਂ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਸਬੰਧੀ ਸਮਾਗਮਾਂ ਨੂੰ ਸਫ਼ਲ ਅਤੇ ਯਾਦਗਾਰੀ ਬਣਾਉਣ ਲਈ ਸਾਰਿਆਂ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ।

# ਬਟਾਲਾ 'ਚ ਗੋਲੀਕਾਂਡ — ਕਾਂਗਰਸੀ ਆਗੂ ਦੀ ਦੁਕਾਨ 'ਤੇ ਫਾਇਰਿੰਗ, ਵੱਡਾ ਹਾਦਸਾ ਟਲਿਆ





ਬਟਾਲਾ, 21 ਨਵੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ):ਬਟਾਲਾ ਦੇ ਜਲੰਧਰ ਰੋਡ 'ਤੇ ਅੱਜ ਸ਼ਾਮ ਕਰੀਬ 7 ਵਜੇ ਕਾਂਗਰਸੀ ਆਗੂ ਗੌਤਮ ਸੇਠ ਗੁੱਡੂ ਦੀ ਦੁਕਾਨ 'ਤੇ ਦੋ ਮੋਟਰਸਾਈਕਲ ਸਵਾਰ ਅਣਪਛਾਤੇ ਨੌਜਵਾਨਾਂ ਨੇ ਗੋਲੀਆਂ ਚਲਾਈਆਂ। ਵੱਡੇ ਜਾਨੀ ਨੁਕਸਾਨ ਤੋਂ ਬਚਾਵ ਹੋਇਆ ਹੈ, ਪਰ ਇਸ ਘਟਨਾ ਨਾਲ ਖੇਤਰ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਘਟਨਾ ਬਾਰੇ ਜਾਣਕਾਰੀ ਦਿੰਦਿਆਂ ਗੌਤਮ ਸੇਠ ਗੁੱਡੂ ਨੇ ਦੱਸਿਆ ਕਿ ਪਿਛਲੇ ਕੁਝ ਦਿਨ ਪਹਿਲਾਂ ਉਨ੍ਹਾਂ ਨੂੰ ਨਿਸਾਨ ਨਾਮ ਦੇ ਵਿਅਕਤੀ ਵੱਲੋਂ ਫਿਰੋਤੀ ਦੀ ਕਾਲ ਆਈ ਸੀ। ਉਸਦਾ ਦਾਅਵਾ ਹੈ ਕਿ ਫਿਰੋਤੀ ਦੀ ਰਕਮ ਨਾ ਦੇਣ ਦੇ ਕਾਰਨ ਅੱਜ ਉਨ੍ਹਾਂ ਉੱਪਰ ਜਾਨਲੇਵਾ ਹਮਲਾ ਕੀਤਾ ਗਿਆ ਹੈ।

ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਦੁਕਾਨ ਦੇ ਆਲੇ–ਦੁਆਲੇ ਤੋਂ ਸਬੂਤ ਇਕੱਠੇ ਕੀਤੇ ਜਾ ਰਹੇ ਹਨ। CCTV ਫੁਟੇਜ ਵੀ ਖੰਗਾਲੀ ਜਾ ਰਹੀ ਹੈ ਤਾਂ ਜੋ ਦੋਸ਼ੀਆਂ ਦੀ ਪਛਾਣ ਕੀਤੀ ਜਾ ਸਕੇ।ਯਾਦ ਰਹੇ ਕਿ ਕੱਲ੍ਹ ਹੀ ਨਵੇਂ ਨਿਯੁਕਤ ਐਸਐਸਪੀ ਡਾ: ਮਹਿਤਾਬ ਸਿੰਘ ਬਟਾਲਾ ਨੇ ਅਹੁਦਾ ਸੰਭਾਲਦੇ ਹੋਏ ਕਿਹਾ ਸੀ ਕਿ ਮਾੜੇ ਤੱਤਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਪਰ ਉਨ੍ਹਾਂ ਦੇ ਚਾਰਜ ਸੰਭਾਲਣ ਦੇ 24 ਘੰਟਿਆਂ ਅੰਦਰ ਹੀ ਇਹ ਗੋਲੀਕਾਂਡ ਹੋਣਾ ਕਾਨੂੰਨ–ਵਿਵਸਥਾ 'ਤੇ ਵੱਡਾ ਸਵਾਲ ਖੜ੍ਹਾ ਕਰਦਾ ਹੈ।ਪੁਲਿਸ ਥਾਣਾ ਸਿਟੀ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਦੋਸ਼ੀਆਂ ਨੂੰ ਜਲਦ ਕਾਬੂ ਕਰਨ ਦਾ ਭਰੋਸਾ ਦਿਵਾਇਆ ਹੈ।

# ਸ੍ਰੀ ਆਨੰਦਪੁਰ ਸਾਹਿਬ ਤੋਂ ਆਰੰਭ ਹੋਈ ਧਰਮ ਰੱਖਿਅਕ ਯਾਤਰਾ ਦਿੱਲੀ ਦੇ ਵੱਖ-ਵੱਖ ਖੇਤਰਾਂ ਵਿਚੋਂ ਗੁਜ਼ਰਨ ਉਪਰੰਤ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਹੋਈ ਸੰਪੰਨ




ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਦੇ ਅਿੰਨ ਸੇਵਕਾਂ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਆਨੰਦਪੁਰ ਸਾਹਿਬ ਦੀ ਪਾਵਨ ਧਰਤੀ ਤੋਂ ਆਰੰਭ ਹੋਈ ਧਰਮ ਰੱਖਿਅਕ ਯਾਤਰਾ ਕੌਮੀ ਰਾਜਧਾਨੀ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿਚੋਂ ਗੁਜ਼ਰਨ ਉਪਰੰਤ ਅੱਜ ਦੇਰ ਸ਼ਾਮ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸੰਪੰਨ ਹੋ ਗਈ। ਇਹ ਯਾਤਰਾ 13 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਤੋਂ ਆਰੰਭ ਹੋਈ ਸੀ ਤੇ 14 ਨਵੰਬਰ ਨੂੰ ਦਿੱਲੀ ਵਿਚ ਦਾਖਲ ਹੋਈ ਸੀ। ਇਸ ਬਾਰੇ ਜਾਣਕਾਰੀ ਦਿੰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਯਾਤਰਾ ਨੇ ਇਕ ਹਫਤੇ ਤੋਂ ਵੱਧ ਸਮੇਂ ਵਿਚ ਦਿੱਲੀ ਦੇ ਸੈਂਕੜੇ ਇਲਾਕਿਆਂ ਵਿਚੋਂ ਗੁਜ਼ਰਨ ਸਮੇਂ ਲੱਖਾਂ ਦਿੱਲੀ ਵਾਸੀਆਂ ਨੂੰ ਦਰਸ਼ਨ ਦਿੱਤੇ। ਉਹਨਾਂ ਦੱਸਿਆ ਕਿ ਅੱਜ ਆਖਰੀ ਦਿਨ ਯਾਤਰਾ ਡੇਰਾ ਬਾਬਾ ਕਰਮ ਸਿੰਘ ਤੋਂ ਸ਼ੁਰੂ ਹੋਈ ਤੇ ਈਸਟ ਅੰਗਦ ਨਗਰ, ਸ਼ੰਕਰ ਵਿਹਾਰ,ਵਿਕਾਸ ਮਾਰਗ ਤੋਂ ਯੂ ਟਰਨ ਆਈ ਟੀ ਵਾਲੇ ਪਾਸੇ ਨੂੰ ਲਕਸ਼ਮੀ ਨਗਰ ਮੈਟਰੋ ਸਟੇਸ਼ਨ ਤੋਂ ਖੱਬੇ, ਸ਼ੱਕਰਪੁਰ ਮੇਨ ਰੋਡ, ਪਾਂਡਵ ਨਗਰ, ਆਈ ਪੀ ਐਕਸਟੈਨਸ਼ਨ, ਮਯੂਰ ਵਿਹਾਰ ਫੇਜ਼-2, ਕਲਿਆਣਪੁਰੀ 20 ਬਲਾਕ, ਚਾਂਦ ਸਿਨੇਮਾ, ਮਯੂਰ ਵਿਹਾਰ ਫੇਜ਼ ਸਟੇਸ਼ਨ,ਆਈ ਟੀ ਓ ਚੌਂਕ ਤੋਂ ਸੱਜੇ, ਦਿੱਲੀ ਗੇਟ, ਦਰਿਆ ਗੰਜ ਮੇਨ ਬਜ਼ਾਰ ਤੇ ਲਾਲ ਕਿਲ੍ਹੇ ਤੋਂ ਖੱਬੇ ਹੁੰਦੀ ਹੋਈ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸੰਪੰਨ ਹੋਈ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਯਾਤਰਾ ਦੀ ਸਮਾਪਤੀ ਤੋਂ ਪਹਿਲਾਂ ਹੀ ਲਾਲ ਕਿਲ੍ਹੇ 'ਤੇ ਸਮਾਗਮ ਸ਼ੁਰੂ ਹੋ ਗਏ ਹਨ ਅਤੇ ਸਭ ਤੋਂ ਪਹਿਲਾਂ ਲਾਈਟ ਐਂਡ ਸਾਊਂਡ ਸ਼ੋਅ ਰੋਜ਼ਾਨਾ ਹੋ ਰਹੇ ਹਨ। ਉਹਨਾਂ ਦੱਸਿਆ ਕਿ 23 ਤੋਂ 25 ਨਵੰਬਰ ਤੱਕ ਮੁੱਖ ਸਮਾਗਮ ਹੋਣਗੇ ਤੇ 26 ਨਵੰਬਰ ਨੂੰ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਖੇ ਸਮਾਗਮ ਨਾਲ ਇਹ 350 ਸਾਲਾ ਸ਼ਹੀਦੀ ਸਮਾਗਮ ਸੰਪੰਨ ਹੋਣਗੇ।

# ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅਿੰਨ ਸਿੱਖਾਂ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਮਾਗਮ ਲਾਲ ਕਿੱਲੇ ਤੇ ਹੋਏ ਸ਼ੁਰੂ: ਬੀਬੀ ਰਣਜੀਤ ਕੌਰ




ਨਵੀਂ ਦਿੱਲੀ 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਵਾਲੇ ਪੰਥ ਦੇ ਨੌਵੇਂ ਗੁਰੂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਿੰਨ ਸਿੱਖ ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹਾਦਤ ਸ਼ਤਾਬਦੀ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਵਲੋਂ ਦਿੱਲੀ ਸਰਕਾਰ ਦੇ ਸਹਿਯੋਗ ਨਾਲ ਲਾਲ ਕਿਲਾ ਅਤੇ ਹੋਰ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਖ਼ੇ ਸ਼ਰਧਾਂਜਲੀ ਸਮਾਗਮ ਕਰਵਾਏ ਜਾ ਰਹੇ ਹਨ । ਬੀਬੀ ਰਣਜੀਤ ਕੌਰ ਸੀਨੀਅਰ ਮੈਂਬਰ ਦਿੱਲੀ ਗੁਰਦੁਆਰਾ ਕਮੇਟੀ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਦਸਿਆ ਕਿ ਇਸ ਮੌਕੇ ਲਾਲ ਕਿਲਾ ਵਿਖ਼ੇ ਪ੍ਰੋਗਰਾਮ ਸ਼ੁਰੂ ਹੋ ਗਏ ਹਨ ਜਿਨ੍ਹਾਂ ਵਿਚ ਬੱਚਿਆਂ ਨੇ ਗੁਰਬਾਣੀ ਦਾ ਜਸ ਗਾਇਨ ਕੀਤਾ ਤੇ ਅਖਾੜੇ ਜਥੇਆਂ ਨੇ ਆਪਣੇ ਜੌਹਰ ਦਿਖਾਏ । 25 ਨਵੰਬਰ ਨੂੰ ਮਹਾਨ ਨਗਰ ਕੀਰਤਨ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਸਜਾਇਆ ਜਾਏਗਾ ਜਿਸ ਦੀ ਸਮਾਪਤੀ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖ਼ੇ ਹੋਵੇਗੀ ਉਪਰੰਤ ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਲੱਖੀ ਸ਼ਾਹ ਵਣਜਾਰਾ ਹਾਲ ਵਿਖ਼ੇ 26 ਤਰੀਕ ਨੂੰ ਵਿਸ਼ੇਸ਼ ਦੀਵਾਨ ਸਜਾਏ ਜਾਣਗੇ ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਹਾਜ਼ਿਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ । ਲਾਲ ਕਿੱਲੇ ਉਪਰ 23-24-25 ਨਵੰਬਰ ਨੂੰ ਸ਼ਾਮ ਵੇਲੇ ਵਿਸ਼ੇਸ਼ ਕੀਰਤਨ ਦਰਬਾਰ, ਕਵੀ ਦਰਬਾਰ ਅਤੇ ਗੱਤਕੇ ਦੇ ਅਖਾੜੇ ਸੱਜਣਗੇ ਤੇ ਇੰਨ੍ਹਾ ਪ੍ਰੋਗਰਾਮਾਂ ਵਿਚ ਦੇਸ਼ ਦੇ ਪ੍ਰਧਾਨਮੰਤਰੀ, ਗ੍ਰਿਹਮੰਤਰੀ ਦੇ ਨਾਲ ਹੋਰ ਵੱਖ ਵੱਖ ਨੇਤਾ ਅਤੇ ਪਤਵੰਤੇ ਸੱਜਣ ਹਾਜ਼ਿਰੀਆਂ ਭਰਣਗੇ । ਸੰਗਤਾਂ ਨੂੰ ਸਮੂਹ ਪ੍ਰੋਗਰਾਮਾਂ ਅੰਦਰ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਜਾਂਦੀ ਹੈ ।

# 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਅਸਾਮ ਤੋਂ ਚੱਲੇ ਨਗਰ ਕੀਰਤਨ ਦਾ ਸਮਰਾਲਾ ਵਿਖੇ ਕੀਤਾ ਗਿਆ ਸ਼ਾਨਦਾਰ ਸਵਾਗਤ

## ਹਜਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਕੀਤਾ ਸਵਾਗਤ, ਸਮਰਾਲੇ ਦਾ ਬਾਜਾਰ ਰੰਗਿਆ ਗਿਆ ਕੇਸਰੀ ਰੰਗ ਵਿੱਚ



ਸਮਰਾਲਾ 21 ਨਵੰਬਰ ( ਜਸਨ ਬੰਬ / ਕਮਲਜੀਤ )ਸਿੱਖਾਂ ਨੌਂਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ, ਜਿਨ੍ਹਾਂ ਨੇ ਧਰਮ ਦੀ ਖਾਤਰ ਦਿੱਲੀ ਦੇ ਚਾਂਦਨੀ ਚੌਂਕ ਵਿਖੇ ਬਲੀਦਾਨ ਦਿੱਤਾ ਸੀ, ਉਨ੍ਹਾਂ ਨਾਲ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲ ਦਾਸ ਨੂੰ ਵੀ ਮੁਗਲਾਂ ਨੇ ਤਸੀਹੇ ਦੇ ਕੇ ਸ਼ਹੀਦ ਕਰ ਦਿੱਤਾ ਸੀ। ਉਨ੍ਹਾਂ ਦੀ ਇਸ ਲਾਸਾਨੀ ਕੁਰਬਾਨੀ ਨੂੰ ਸਿੱਖ ਕੌਮ ਵਿੱਚ ਅੱਜ ਵੀ ਪੂਰੀ ਸ਼ਿੱਦਤ ਨਾਲ ਯਾਦ ਕੀਤਾ ਜਾਂਦਾ ਹੈ। ਕੁਰਬਾਨੀ ਦੇ 350ਵੇਂ ਸ਼ਹੀਦੀ ਦਿਹਾੜ੍ਹੇ ਨੂੰ ਸਮਰਪਿਤ ਵੱਖ ਵੱਖ ਥਾਵਾਂ ਤੋਂ ਨਗਰ ਕੀਰਤਨ ਸਜਾਏ ਜਾ ਰਹੇ ਹਨ, ਜੋ ਸ੍ਰੀ ਅਨੰਦਪੁਰ ਸਾਹਿਬ ਜਾ ਕੇ ਸੰਪਨ ਹੋਣਗੇ। ਇਸੇ ਲੜ੍ਹੀ ਸਬੰਧੀ ਗੁਰਦੁਆਰਾ ਧੋਬੜੀ ਸਾਹਿਬ (ਅਸਾਮ) ਤੋਂ ਚੱਲਿਆ ਨਗਰ ਕੀਰਤਨ ਜੋ ਬੀਤੀ ਰਾਤ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਵਿਸ਼ਰਾਮ ਕਰਕੇ ਆਪਣੇ ਅਗਲੇ ਪੜ੍ਹਾਅ ਸ੍ਰੀ ਮਾਛੀਵਾੜਾ ਸਾਹਿਬ ਪਹੁੰਚਣ ਲਈ ਖਮਾਣੋਂ ਤੋਂ ਹੁੰਦਾ ਹੋਇਆ ਸਮਰਾਲਾ ਵਿਖੇ ਪੁੱਜਾ, ਜਿੱਥੇ ਇਲਾਕੇ ਦੀ ਸੰਗਤ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਖੇ ਪ੍ਰਬੰਧਕ ਕਮੇਟੀ ਜਿਨ੍ਹਾਂ ਵਿੱਚ ਮਿੱਤਰਪਾਲ ਸਿੰਘ ਲਵਲੀ, ਮਲਕੀਤ ਸਿੰਘ, ਭਗਵੰਤ ਸਿੰਘ, ਜਸਵਿੰਦਰ ਸਿੰਘ ਮੱਕੜ, ਰਣਧੀਰ ਸਿੰਘ, ਪ੍ਰੀਤਮ ਸਿੰਘ ਕੰਗ, ਜਸਦੇਵ ਸਿੰਘ ਕੰਗ, ਰਾਜਿੰਦਰ ਸਿੰਘ ਰਿਐਤ, ਰੂਪ ਸਿੰਘ, ਜਸਦੇਵ ਸਿੰਘ ਕੰਗ, ਹੀਰਾ ਸਿੰਘ ਰਿਐਤ, ਮੇਜਰ ਸਿੰਘ, ਮਨਪ੍ਰੀਤ ਸਿੰਘ, ਰੂਪ ਸਿੰਘ ਆਦਿ ਤੋਂ ਇਲਾਵਾ ਹਾਜਰ ਸੰਗਤ ਨੇ ਸ਼ਾਨਾਮੱਤਾ ਸਵਾਗਤ ਕੀਤਾ ਗਿਆ, ਸਮਰਾਲਾ ਸ਼ਹਿਰ ਵਿੱਚ ਨਗਰ ਕੀਰਤਨ ਦੀ ਆਮਦ ਨੂੰ ਲੈ ਕੇ ਪੂਰਾ ਬਜਾਰ ਕੇਸਰੀ ਰੰਗ ਦੀਆਂ ਝੰਡੀਆਂ ਨਾਲ ਸਜਾਇਆ ਗਿਆ ਸੀ, ਥਾਂ ਥਾਂ ਸਵਾਗਤੀ ਗੇਟ ਲਗਾਏ ਗਏ ਅਤੇ ਬਜਾਰ ਵਿੱਚ ਨਗਰ ਕੀਰਤਨ ਨਾਲ ਆਈ ਸੰਗਤ ਲਈ ਥਾਂ ਥਾਂ ਗੁਰੂ ਕੇ ਲੰਗਰਾਂ ਦੇ ਉੱਚੇਚੇ ਪ੍ਰਬੰਧ ਕੀਤੇ ਗਏ ਸਨ। ਇਸ ਉਪਰੰਤ ਇਹ ਨਗਰ ਕੀਰਤਨ ਬਜਾਰ ਵਿੱਚੀਂ ਹੁੰਦਾ ਹੋਇਆ ਸਮਰਾਲਾ ਦੇ ਮੇਨ ਚੌਂਕ ਵਿੱਚ ਸਥਿਤ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਖੇ ਪੁੱਜਾ ਜਿੱਥੇ ਪ੍ਰਬੰਧਕ ਕਮੇਟੀ ਕੁਲਵੰਤ ਸਿੰਘ ਜੱਗੀ ਪ੍ਰਧਾਨ, ਬਲਦੇਵ ਸਿੰਘ ਖਜਾਨਚੀ, ਸੁਖਵਿੰਦਰ ਸਿੰਘ ਸਾਬਕਾ ਐਮ. ਸੀ., ਗੁਰਦੇਵ ਸਿੰਘ ਤੂਰ, ਕੁਲਦੀਪ ਸਿੰਘ ਅਤੇ ਸ਼ਹਿਰ ਦੇ ਪਤਵੰਤੇ ਸੱਜਣਾ ਅਤੇ ਸਮੁੱਚੀ ਸੰਗਤ ਵੱਲੋਂ ਗੁਰੂ ਗ੍ਰੰਥ ਸਾਹਿਬ ਨਾਲ ਫੁੱਲਾਂ ਨਾਲ ਸਜੀ ਪਵਿੱਤਰ ਪਾਲਕੀ ਦਾ ਸ਼ਰਧਾ ਪੂਰਬਕ ਸਵਾਗਤ ਕੀਤਾ। ਇਸ ਨਗਰ ਕੀਰਤਨ ਵਿੱਚ ਸ਼ਸ਼ਤਰਾਂ ਦੀ ਪ੍ਰਦਰਸ਼ਨੀ ਵੀ ਨਾਲ ਲਗਾਈ ਗਈ ਸੀ। ਇਸ ਨਗਰ ਕੀਰਤਨ ਦੇ ਹਜਾਰਾਂ ਦੀ ਗਿਣਤੀ ਵਿੱਚ ਸੰਗਤ ਨਾਲ ਹਾਜਰ ਸੀ, ਜੋ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦਾ ਜਾਪ ਕਰ ਰਹੇ ਸਨ। ਇਸ ਤੋਂ ਬਾਅਦ ਮਾਛੀਵਾੜਾ ਰੋਡ ਉੱਤੇ ਸਥਿਤ ਗੁਰਦੁਆਰਾ ਸ੍ਰੀ ਸੰਗਤ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਾਧ ਸੰਗਤ ਵੱਲੋਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਅਤੇ ਲੰਗਰ ਛਕਾਏ ਗਏ। ਸਮਰਾਲਾ ਸ਼ਹਿਰ ਵਿੱਚ ਸਵਾਗਤ ਉਪਰੰਤ ਇਹ ਨਗਰ ਕੀਰਤਨ ਆਪਣੇ ਅਗਲੇ ਪੜਾਅ ਸ੍ਰੀ ਮਾਛੀਵਾੜਾ ਸਾਹਿਬ ਲਈ ਰਵਾਨਾ ਹੋ ਗਿਆ, ਜੋ ਉੱਥੇ ਰਾਤ ਭਰ ਵਿਸ਼ਰਾਮ ਕਰਕੇ ਆਪਣੇ ਅਗਲੇ ਪੜਾਅ ਲਈ ਰਵਾਨਾ ਹੋਵੇਗਾ।

# ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਨਗਰ ਕੀਰਤਨ ਅਗਲੇ ਪੜਾਅ ਵੱਲ ਰਵਾਨਾਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਤੋਂ ਇਲਾਵਾ ਸੰਤ ਮਹਾਂਪੁਰਸ਼ਾਂ ਨੇ ਵੀ ਕੀਤੀ ਸ਼ਿਰਕਤਨੌਂਵੇਂ ਪਾਤਸ਼ਾਹ ਦੇ ਉਦੇਸ਼ ਨੂੰ ਘਰ ਘਰ ਪਹੁੰਚਾਵਾਂਗੇ : ਗਿਆਨੀ ਹਰਪਾਲ ਸਿੰਘ



ਫਤਿਹਗੜ੍ਹ ਸਾਹਿਬ 21 ਨਵੰਬਰ ()ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੀ ਯੋਗ ਅਗਵਾਈ ਵਿਚ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਚੱਲ ਰਹੇ ਸਮਾਗਮਾਂ ਦੌਰਾਨ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਆਰੰਭਤਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਵੱਲੋਂ ਮੁੱਖਵਾਕ ਲਿਆ ਗਿਆ ਅਤੇ ਹੈਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਹੋਈ।ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਅਤੇ ਪੰਜ ਨਿਸ਼ਾਨਚੀ ਸਿੰਘਾਂ ਵੱਲੋਂ ਕੀਤੀ ਅਤੇ ਗੁਰੂ ਮਹਾਰਾਜ ਜੀ ਦਾ ਪਾਵਨ ਸਰੂਪ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਵੱਲੋਂ ਆਪਣੇ ਸੀਸ 'ਤੇ ਟਿਕਾਕੇ ਅਦਬ ਤੇ ਸਤਿਕਾਰ ਨਾਲ ਗੁਰੂ ਸਾਹਿਬ ਜੀ ਦੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਅਵਤਾਰ ਸਿੰਘ ਰਿਆ, ਜਥੇਦਾਰ ਗੁਰਪ੍ਰੀਤ ਸਿੰਘ ਰੰਧਾਵਾ, ਜਥੇਦਾਰ ਹਰਪਾਲ ਸਿੰਘ ਜੱਲਾ ਤੋਂ ਇਲਾਵਾ ਬਾਬਾ ਹਰੀ ਸਿੰਘ ਜੀ ਰੰਧਾਵੇ ਵਾਲੇ, ਗਿਆਨੀ ਅਤਰ ਸਿੰਘ ਜੋਤੀ ਸਰੂਪ ਸਿੰਘ ਵਾਲੇ, ਬਾਬਾ ਗੁਲਜ਼ਾਰ ਸਿੰਘ ਜੀ ਫਤਿਹਗੜ੍ਹ ਸਾਹਿਬ ਵਾਲੇ, ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਰਨਾਰਥਲ, ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਆਦਿ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਨਗਰ ਕੀਰਤਨ ਦੌਰਾਨ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਵੱਲੋਂ ਗੁਰੂ ਸਾਹਿਬ ਜੀ ਦੇ ਸਤਿਕਾਰ ਵਿਚ ਪੁਲਿਸ ਪਲਟਣ ਵੱਲੋਂ ਸਲਾਮੀ ਵਜੋਂ ਸਲੂਟ ਸਤਿਕਾਰ ਭੇਂਟ ਕੀਤਾ ਗਿਆ।ਇਸ ਮੌਕੇ ਹੈਡ ਗ੍ਰੰਥੀ ਗਿਆਨੀ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਸੰਗਤ ਵੱਡਭਾਗੀ ਹੈ ਕਿ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸਜਾਏ ਜਾ ਰਹੇ ਨਗਰ ਕੀਰਤਨ ਵਿਚ ਵੱਧ ਚੜ੍ਹਕੇ ਸ਼ਮੂਲੀਅਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਜਿਨਾਂ ਨੂੰ ਹਿੰਦ ਦੀ ਚਾਦਰ ਇਸ ਕਰਕੇ ਆਖਿਆ ਜਾਂਦਾ ਹੈ ਕਿਉਂਕ ਉਨ੍ਹਾਂ ਨੇ ਮਾਨਵੀ ਹੱਕਾਂ ਦੀ ਰਾਖੀ ਲਈ ਲਾਸਾਨੀ ਸ਼ਹਾਦਤ ਦਿੱਤੀ। ਅੱਜ ਜਦੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਨ੍ਹਾਂ ਸ਼ਤਾਬਦੀ ਸਮਾਗਮਾਂ ਨੂੰ ਵੱਡੇ ਪੱਧਰ 'ਤੇ ਮਨਾ ਰਹੀ ਹੈ ਤਾਂ ਸਾਡਾ ਸਾਰਿਆਂ ਦਾ ਅਹਿਮ ਕਰਤੱਵ ਹੈ ਕਿ ਗੁਰੂ ਸਾਹਿਬ ਦੇ ਫਲਸਫੇ ਨੂੰ ਘਰ ਘਰ ਪਹੁੰਚਾਈਏ। ਗਿਆਨੀ ਹਰਪਾਲ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਨੇ ਜਦ ਸ਼ਹਾਦਤ ਪਾਉਣ ਲਈ ਸ੍ਰੀ ਆਨੰਦਪੁਰ ਸਾਹਿਬ ਤੋਂ ਦਿੱਲੀ ਵੱਲ ਚਾਲੇ ਪਾਏ ਤਾਂ ਉਨ੍ਹਾਂ ਤੋਂ ਪਹਿਲਾਂ ਭਾਈ ਸਤੀ ਦਾਸ, ਭਾਈ ਮਤੀ ਦਾਸ ਅਤੇ ਭਾਈ ਦਿਆਲਾ ਜੀ ਨੂੰ ਇਸ ਕਰਕੇ ਸ਼ਹੀਦ ਕੀਤਾ ਗਿਆ ਕਿਉਂਕਿ ਗੁਰੂ ਸਾਹਿਬ ਡੋਲ ਜਾਣ ਪਰ ਪ੍ਰਮਾਤਮਾ ਸਰੂਪ ਗੁਰੂ ਸਾਹਿਬ ਨੇ ਉਸ ਭਾਣੇ 'ਚ ਰਹਿਣਾ ਮੁਨਾਸਬ ਸਮਝਿਆ, ਜਿਨ੍ਹਾਂ ਨੇ ਆਪਣੀ ਸ਼ਹਾਦਤ ਦੇ ਕੇ ਧਰਮ ਵਿਚ ਅਡਿੱਗ ਤੇ ਅਡੋਲ ਰਹਿਣ ਦਾ ਮਾਰਗ ਵਿਖਾਇਆ ਇਸ ਕਰਕੇ ਸਮੁੱਚੀ ਲੋਕਾਈ ਨੂੰ ਗੁਰੂ ਸਾਹਿਬ ਦੀ ਜੀਵਨ ਵਿਚਾਰਧਾਰਾ ਅਤੇ ਸ਼ਹਾਦਤ ਤੋਂ ਕੁਝ ਸਿੱਖਿਆ ਜ਼ਰੂਰ ਲੈਣੀ ਚਾਹੀਦਾ ਹੈ ਕਿ ਧਰਮ ਵਿਚ ਕਿਵੇਂ ਪਰਪੱਕ ਰਹਿਣਾ ਹੈ।ਨਗਰ ਕੀਰਤਨ ਦੌਰਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਵੱਲੋਂ ਪੁੱਜੇ ਮੈਂਬਰ ਸਾਹਿਬਾਨਾਂ, ਪ੍ਰਮੁੱਖ ਸਖਸ਼ੀਅਤਾਂ ਅਤੇ ਸੰਗਤਾਂ ਨੂੰ ਸਿਰੋਪਾਓ ਵੀ ਭੇਂਟ ਕੀਤੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਜਥੇਦਾਰ ਸਿੰਘ ਸਾਹਿਬ ਜਸਵਿੰਦਰ ਸਿੰਘ, ਮੀਤ ਸਕੱਤਰ ਮਨਜੀਤ ਸਿੰਘ ਤਲਵੰਡੀ, ਐਡੀਸ਼ਨਲ ਮੈਨੇਜਰ ਇਬਾਕਲ ਸਿੰਘ ਤੋਂ ਇਲਾਵਾ ਮੈਨੇਜਰ ਬਲਵਿੰਦਰ ਸਿੰਘ ਭਮਾਰਸੀ, ਪ੍ਰਿੰਸੀਪਲ ਮਾਤਾ ਗੁਜਰੀ ਕਾਲਜ ਡਾ. ਕਸ਼ਮੀਰ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ ਤੋਂ ਇਲਾਵਾ ਸਾਬਕਾ ਚੇਅਰਮੈਨ ਬਲਜੀਤ ਸਿੰਘ ਬੁੱਟਾ, ਕਰਮਜੀਤ ਸਿੰਘ ਭਗੜਾਣਾ, ਜਤਿੰਦਰ ਸਿੰਘ ਧਾਲੀਵਾਲ, ਗੁਰਦੀਪ ਸਿੰਘ ਨੌਲੱਖਾ ਬੁਲਾਰਾ ਦਮਦਮੀ ਟਕਸਾਲ, ਜਥੇਦਾਰ ਭਿੰਦਰ ਸਿੰਘ ਮੰਡੀ ਗੋਬਿੰਦਗੜ੍ਹ, ਜਥੇਦਾਰ ਜਰਨੈਲ ਸਿੰਘ ਮਾਜਰੀ, ਕੁਲਦੀਪ ਸਿੰਘ ਮਸ਼ਰੈਲ, ਮੀਤ ਮੈਨੇਜਰ ਪ੍ਰਿਤਪਾਲ ਸਿੰਘ, ਸੁਪਰਵਾਈਜ਼ਰ ਸੁਖਰਾਜ ਸਿੰਘ, ਇਕਬਾਲ ਸਿੰਘ, ਅਵਤਾਰ ਸਿੰਘ, ਫਲਾਇੰਗ ਟੀਮ ਦੇ ਹਰਵਿੰਦਰ ਸਿੰਘ ਮਨਜੀਤ ਸਿੰਘ, ਇੰਸਪੈਕਟਰ ਰਣਜੀਤ ਸਿੰਘ, ਪਰਮਜੀਤ ਸਿੰਘ,ਪਰਮਿੰਦਰ ਸਿੰਘ, ਮਲਕੀਤ ਸਿੰਘ, ਗੁਰਮੀਤ ਸਿੰਘ, ਰਾਮ ਸਿੰਘ, ਰਿਕਾਰਡ ਕੀਪਰ ਹਰਮਨ ਸਿੰਘ ਆਦਿ ਤੋਂ ਇਲਾਵਾ ਸੰਗਤਾਂ ਆਦਿ ਸ਼ਾਮਲ ਸਨ।ਫੋਟੋ : ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਨਗਰ ਕੀਰਤਨ ਦੀ ਆਰੰਭਤਾ ਕਰਵਾਉਂਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਅਵਤਾਰ ਸਿੰਘ ਰਿਆ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਹੈਡ ਗ੍ਰੰਥੀ ਗਿਆਨੀ ਹਰਪਾਲ ਸਿੰਘ, ਮੈਨੇਜਰ ਰਣਜੀਤ ਸਿੰਘ ਤੇ ਹੋਰ।

# ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ ਜੀ ਨੂੰ ਕੈਨੇਡਾ ਜਾਣ ਤੋਂ ਰੋਕਣਾਂ ਘਟੀਆ ਤੇ ਗੈਰ-ਲੋਕਤੰਤਰਿਕ ਕਾਰਵਾਈ : ਅਕਾਲੀ ਦਲ ਵਾਰਿਸ ਪੰਜਾਬ ਦੇ

## ਮਾਤਾ ਬਲਵਿੰਦਰ ਕੌਰ ਜੀ ਨੂੰ ਦਿੱਲੀ ਏਅਰਪੋਰਟ ਤੇ ਗਿਆ ਰੋਕਿਆ

ਅੰਮ੍ਰਿਤਸਰ, 21 ਨਵੰਬਰ ( ) ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਬਲਵਿੰਦਰ ਕੌਰ ਜੀ, ਜੋ ਆਪਣੇ ਨਵ-ਜਨਮੇ ਦੋਹਤੇ ਨੂੰ ਮਿਲਣ ਲਈ ਕੈਨੇਡਾ ਜਾ ਰਹੇ ਸਨ, ਨੂੰ ਦਿੱਲੀ ਏਅਰਪੋਰਟ 'ਤੇ ਰੋਕ ਲਿਆ ਗਿਆ। ਇਹ ਕਿਸੇ ਆਮ ਯਾਤਰਾ ਜਾਂ ਪ੍ਰਵਾਸੀ ਮੁੱਦੇ ਦਾ ਮਾਮਲਾ ਨਹੀਂ ਹੈ। ਇਹ ਇੱਕ ਮਾਨਵ ਅਧਿਕਾਰ ਅਤੇ ਇਨਸਾਨੀ ਜਜ਼ਬੇ 'ਤੇ ਡੂੰਘਾ ਸਵਾਲ ਹੈ। ਸਰਕਾਰ ਇਸ ਤਰ੍ਹਾਂ ਦੀ ਕਾਰਵਾਈ ਨਾਲ ਇਹ ਦਰਸਾ ਰਹੀ ਹੈ ਕਿ ਉਹ ਕਾਨੂੰਨੀ ਪ੍ਰਕਿਰਿਆ ਦੀ ਇੱਜ਼ਤ ਨਹੀਂ ਕਰਦੀ ਅਤੇ ਇੱਕ ਨਵਜਨਮੀ ਬੱਚੀ ਅਤੇ ਉਸਦੀ ਨਾਨੀ ਵਿਚਕਾਰ ਮਿਲਾਪ ਵਰਗੀਆਂ ਨਾਜ਼ੁਕ ਪਰਿਵਾਰਕ ਹਾਲਾਤਾਂ 'ਤੇ ਵੀ ਜਬਰਦਸਤ ਦਖ਼ਲਅੰਦਾਜ਼ੀ ਕਰਨ ਲਈ ਤਿਆਰ ਹੈ। ਅੱਜ ਮੁੱਖ ਦਫਤਰ ਤੋਂ ਜਾਰੀ ਇਕ ਪ੍ਰੈਸ ਨੋਟ ਰਾਹੀਂ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਸ ਗੈਰ-ਇਨਸਾਨੀ ਕਾਰਵਾਈ ਦੀ ਸਖ਼ਤ ਨਿਖੇਧੀ ਕੀਤੀ ਗਈ। ਇਹ ਘਟਨਾ ਸਿਰਫ਼ ਇੱਕ ਮਾਂ ਦੀ ਯਾਤਰਾ ਰੋਕਣ ਦੀ ਨਹੀਂ, ਬਲਕਿ ਸਪੱਸ਼ਟ ਤੌਰ 'ਤੇ ਸਿੱਖ ਵਿਰੋਧੀ ਨੀਤੀਆਂ ਅਤੇ ਦਬਾਉ ਵਾਲੀ ਹਕੂਮਤੀ ਸੋਚ ਦੀ ਤਾਜ਼ਾ ਉਦਾਹਰਨ ਹੈ। ਮਾਤਾ ਬਲਵਿੰਦਰ ਕੌਰ ਜੀ ਉੱਪਰ ਨਾਂ ਕੋਈ ਦੋਸ਼, ਨਾਂ ਕੋਈ ਮਾਮਲਾ, ਨਾਂ ਕੋਈ ਕਾਨੂੰਨੀ ਪਾਬੰਦੀ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਰੋਕਣਾ ਕੇਂਦਰ ਅਤੇ ਪੰਜਾਬ ਸਰਕਾਰ ਦੀ ਉਸ ਗੁਲਾਮੀ ਭਰੀ ਬਦਲੇ ਦੀ ਕਾਰਵਾਈ ਵਾਲੀ ਅਤੇ ਤਨਾਸ਼ਾਹੀ ਸੋਚ ਨੂੰ ਬੇਨਕਾਬ ਕਰਦਾ ਹੈ, ਜਿਹੜੀ ਸਿੱਖਾਂ ਨਾਲ ਧੱਕੇਸ਼ਾਹੀ ਲਈ ਹਮੇਸ਼ਾਂ ਨਵੀਆਂ ਰਾਹਾਂ ਲੱਭਦੀ ਰਹੀ ਹੈ। ਇਹ ਇਨਸਾਨੀ ਹੱਕਾਂ, ਆਜ਼ਾਦੀ ਅਤੇ ਲੋਕਤੰਤਰ 'ਤੇ ਸਿੱਧਾ ਹਮਲਾ ਹੈ। ਤੀਹ-ਚਾਲੀ ਸਾਲਾਂ ਤੋਂ ਸਿੱਖ ਪਰਿਵਾਰਾਂ ਨੂੰ ਨਿਸ਼ਾਨਾ ਬਣਾਉਣ ਵਾਲੀ ਇਹ ਰਾਜਨੀਤੀ ਅੱਜ ਵੀ ਬਦਲੀਆਂ ਸ਼ਕਲਾਂ ਵਿੱਚ ਜਾਰੀ ਹੈ। ਮਾਤਾ ਬਲਵਿੰਦਰ ਕੌਰ ਜੀ ਨੂੰ ਕੇਵਲ ਇਸ ਲਈ ਰੋਕਿਆ ਗਿਆ ਕਿਉਂਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਂ ਹਨ, ਇਹ ਨਾਂ ਸਿਰਫ਼ ਬਦਲੇ ਦੀ ਕਾਰਵਾਈ ਹੈ, ਬਲਕਿ ਇਹ ਧੌਂਸ, ਡਰ ਅਤੇ ਦਬਾਉ ਰਾਹੀਂ ਸਿੱਖ ਸਮਾਜ ਨੂੰ ਦਬਾਉਣ ਦੀ ਨਾਕਾਮ ਕੋਸ਼ਿਸ਼ ਵੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਸਪਸ਼ਟ ਕਰਦਾ ਹੈ ਕਿ ਅਸੀਂ ਇਸ ਗੈਰ-ਲੋਕਤੰਤਰਿਕ, ਸਿੱਖ ਵਿਰੋਧੀ ਅਤੇ ਜ਼ਬਰਦਸਤੀ ਵਾਲੀ ਸਰਕਾਰੀ ਸੋਚ ਦਾ ਡੱਟ ਕੇ ਵਿਰੋਧ ਕਰਾਂਗੇ ਅਤੇ ਇਸ ਮਾਮਲੇ ਨੂੰ ਹਰ ਪੱਧਰ 'ਤੇ ਉਠਾਇਆ ਜਾਵੇਗਾ ਤਾਂ ਜੋ ਇਨਸਾਫ਼ ਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਹੋ ਸਕੇ।

# ਐੱਸ ਯੂ ਐੱਸ ਸਪੋਰਟਸ ਕਲੱਬ ਵਲੋਂ ਲੋੜਵੰਦ ਪਰਿਵਾਰਾਂ ਦੀਆਂ 6 ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ ਗਏ



ਸਮਾਣਾ 21 ਨਵੰਬਰ (ਹਰਜਿੰਦਰ ਸਿੰਘ ਜਵੰਦਾ) ਐੱਸ ਯੂ ਐੱਸ ਸਪੋਰਟਸ ਕਲੱਬ ਵਲੋਂ ਸਮਾਜ ਸੇਵੀ ਕਾਰਜਾਂ ਵਿਚ ਵਾਧਾ ਕਰਦੇ ਹੋਏ ਪਿੰਡ ਲਲੋਛੀ ਵਿਖੇ ਲੋੜਵੰਦ ਪਰਿਵਾਰਾਂ ਦੀਆਂ 6 ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ ਗਏ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਕਾਂਗਰਸ ਦੇ ਸਪੋਕਸਪਰਸਨ ਸ੍ਰੀ ਸੰਦੀਪ ਸਿੰਗਲਾ ਨੇ ਸ਼ਿਰਕਤ ਕੀਤੀ ਅਤੇ ਨਵ-ਵਿਆਹੁਤਾ, ਜੋੜਿਆਂ ਨੂੰ ਆਪਣਾ ਆਸ਼ੀਰਵਾਦ ਪ੍ਰਦਾਨ ਕਰਦੀਆਂ ਉਨ੍ਹਾਂ ਨੂੰ ਜ਼ਿੰਦਗੀ ਦੇ ਨਵੇਂ ਪੜਾਅ ਲਈ ਆਪਣੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ ਤੇ ਬੋਲਦਿਆਂ ਸ੍ਰੀ ਸਿੰਗਲਾ ਨੇ ਐੱਸ ਯੂ ਐੱਸ ਸਪੋਰਟਸ ਕਲੱਬ ਵੱਲੋਂ ਨੌਜਵਾਨ ਆਗੂ ਇਕਬਾਲ ਨੰਬਰਦਾਰ, ਮਿੰਟੂ ਅਟਾਲ, ਜਿੰਮੀ ਪੰਡਿਤ, ਅਮਨੀ ਨਿਰਮਾਣ ਅਤੇ ਰੋਮੀ ਜੋਸ਼ੀ ਆਦਿ ਦੀ ਅਗਵਾਈ ਹੇਠ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ।


## ਹੜ੍ਹ ਪ੍ਰਭਾਵਿਤ ਲੋਕਾਂ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।

(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।

(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.

(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank, Tripuri, Patiala - 14701


# ਦੋ-ਰੋਜ਼ਾ 47ਵਾਂ ਏ.ਆਈ.ਈ.ਐੱਸ.ਸੀ.ਬੀ. ਫੁੱਟਬਾਲ ਟੂਰਨਾਮੈਂਟ ਪੀ.ਐੱਸ.ਪੀ.ਸੀ.ਐੱਲ. ਸਪੋਰਟਸ ਕੰਪਲੈਕਸ, ਪਟਿਆਲਾ ਵਿਖੇ ਸੰਪੰਨ



ਪਟਿਆਲਾ, 21 ਨਵੰਬਰ:ਦੋ-ਰੋਜ਼ਾ 47ਵਾਂ ਆਲ ਇੰਡੀਆ ਇਲੈਕਟ੍ਰੀਸਿਟੀ ਸਪੋਰਟਸ ਕੰਟਰੋਲ ਬੋਰਡ (AIESCB) ਫੁੱਟਬਾਲ ਟੂਰਨਾਮੈਂਟ ਅੱਜ ਪੀ.ਐੱਸ.ਪੀ.ਸੀ.ਐੱਲ. ਸਪੋਰਟਸ ਕੰਪਲੈਕਸ, ਪਟਿਆਲਾ ਵਿਖੇ ਇੱਕ ਸ਼ਾਨਦਾਰ ਸਮਾਪਤੀ ਸਮਾਰੋਹ ਨਾਲ ਸੰਪੰਨ ਹੋ ਗਿਆ।ਇਸ ਸਮਾਗਮ ਵਿੱਚ ਹਰਿਆਣਾ ਪਾਵਰ ਸਪੋਰਟਸ ਗਰੁੱਪ, ਪੀ.ਐੱਸ.ਪੀ.ਸੀ.ਐੱਲ. ਪਟਿਆਲਾ, ਐੱਮ.ਪੀ. ਪਾਵਰ, ਬਿਹਾਰ ਐੱਸ.ਪੀ.ਐੱਚ.ਸੀ., ਰਾਜਸਥਾਨ ਵੀ.ਐੱਨ., ਤੇਲੰਗਾਨਾ ਜੇਨਕੋ, ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਦੀਆਂ ਟੀਮਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਸੀ.ਏ. ਵਿਨੋਦ ਬਾਂਸਲ, ਡਾਇਰੈਕਟਰ ਵਿੱਤ, ਪੀ.ਐੱਸ.ਟੀ.ਸੀ.ਐੱਲ., ਨੇ ਮੁੱਖ ਮਹਿਮਾਨ ਵਜੋਂ ਸਮਾਗਮ ਦੀ ਸ਼ੋਭਾ ਵਧਾਈ, ਜਦੋਂ ਕਿ ਇੰਜ. ਹਰਿੰਦਰ ਪਾਲ, ਮੁੱਖ ਇੰਜੀਨੀਅਰ ਐੱਚ.ਆਰ.ਡੀ., ਪੀ.ਐੱਸ.ਟੀ.ਸੀ.ਐੱਲ., ਨੇ ਗੈਸਟ ਆਫ਼ ਆਨਰ ਵਜੋਂ ਸ਼ਿਰਕਤ ਕੀਤੀ। ਦੋਵਾਂ ਪਤਵੰਤਿਆਂ ਨੇ ਇਕੱਠ ਨੂੰ ਸੰਬੋਧਨ ਕੀਤਾ ਅਤੇ ਟੂਰਨਾਮੈਂਟ ਦੌਰਾਨ ਪ੍ਰਦਰਸ਼ਿਤ ਕੀਤੀ ਗਈ ਖੇਡ ਭਾਵਨਾ ਦੀ ਸ਼ਲਾਘਾ ਕੀਤੀ।

ਆਪਣੇ ਸੰਬੋਧਨ ਵਿੱਚ, ਮੁੱਖ ਮਹਿਮਾਨ ਸੀ.ਏ. ਵਿਨੋਦ ਬਾਂਸਲ ਨੇ ਸਾਰੀਆਂ ਭਾਗ ਲੈਣ ਵਾਲੀਆਂ ਟੀਮਾਂ ਨੂੰ ਵਧਾਈ ਦਿੱਤੀ ਅਤੇ ਪੀ.ਐੱਸ.ਪੀ.ਸੀ.ਐੱਲ. ਦੁਆਰਾ ਪਾਲਣ-ਪੋਸ਼ਣ ਕੀਤੇ ਗਏ ਸ਼ਾਨਦਾਰ ਖੇਡ ਸੱਭਿਆਚਾਰ ਨੂੰ ਉਜਾਗਰ ਕੀਤਾ। ਉਨ੍ਹਾਂ ਮਾਣ ਨਾਲ ਪੀ.ਐੱਸ.ਪੀ.ਸੀ.ਐੱਲ. ਦੇ ਉੱਘੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਨੂੰ ਸਵੀਕਾਰ ਕੀਤਾ, ਜਿਨ੍ਹਾਂ ਵਿੱਚ ਅਰਜੁਨਾ ਐਵਾਰਡੀ ਮਾਧੁਰੀ ਸਕਸੈਨਾ (ਐਥਲੈਟਿਕਸ) ਅਤੇ ਰਾਜ ਕੁਮਾਰ (ਬੈਡਮਿੰਟਨ) ਦੇ ਨਾਲ-ਨਾਲ ਅੰਤਰਰਾਸ਼ਟਰੀ ਐਥਲੀਟ ਯੋਗਿਤਾ ਸ਼ਰਮਾ, ਅਮਰਿੰਦਰ ਸਿੰਘ, ਨਵਦੀਪ ਸਿੰਘ ਅਤੇ ਹਰਪ੍ਰੀਤ ਸਿੰਘ ਸ਼ਾਮਲ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪੀ.ਐੱਸ.ਪੀ.ਸੀ.ਐੱਲ. ਦੇ ਖਿਡਾਰੀਆਂ ਨੇ 46ਵੇਂ ਏ.ਆਈ.ਈ.ਐੱਸ.ਸੀ.ਬੀ. ਟੂਰਨਾਮੈਂਟ 2024-25 ਵਿੱਚ ਫੁੱਟਬਾਲ, ਟੇਬਲ ਟੈਨਿਸ, ਲਾਅਨ ਟੈਨਿਸ, ਬੈਡਮਿੰਟਨ, ਹਾਕੀ, ਸ਼ਤਰੰਜ ਅਤੇ ਟੱਗ ਆਫ਼ ਵਾਰ ਵਿੱਚ ਗੋਲਡ ਮੈਡਲ ਜਿੱਤੇ, ਜਦੋਂ ਕਿ ਵਾਲੀਬਾਲ, ਬਾਡੀ ਬਿਲਡਿੰਗ, ਕੁਸ਼ਤੀ ਅਤੇ ਕ੍ਰਿਕਟ ਵਿੱਚ ਚਾਂਦੀ ਦੇ ਮੈਡਲ ਹਾਸਲ ਕੀਤੇ। ਉਨ੍ਹਾਂ ਟਿੱਪਣੀ ਕੀਤੀ, "ਉਨ੍ਹਾਂ ਦੀ ਲਗਾਤਾਰ ਉੱਤਮਤਾ ਨੇ ਪੀ.ਐੱਸ.ਪੀ.ਸੀ.ਐੱਲ. ਨੂੰ ਲਗਾਤਾਰ 15 ਸਾਲਾਂ ਤੋਂ ਏ.ਆਈ.ਈ.ਐੱਸ.ਸੀ.ਬੀ. ਟਰਾਫੀ ਜਿੱਤਣ ਦੇ ਯੋਗ ਬਣਾਇਆ ਹੈ।"ਗੈਸਟ ਆਫ਼ ਆਨਰ ਇੰਜ. ਹਰਿੰਦਰ ਪਾਲ ਨੇ ਭਾਗ ਲੈਣ ਵਾਲੀਆਂ ਟੀਮਾਂ ਦੀ ਲਗਨ ਦੀ ਪ੍ਰਸ਼ੰਸਾ ਕੀਤੀ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਪੀ.ਐੱਸ.ਪੀ.ਸੀ.ਐੱਲ. ਦੇ ਲਗਾਤਾਰ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, "ਇਸ ਤਰ੍ਹਾਂ ਦੇ ਸਮਾਗਮ ਦੋਸਤੀ ਨੂੰ ਮਜ਼ਬੂਤ ਕਰਦੇ ਹਨ, ਸਾਡੇ ਕਰਮਚਾਰੀਆਂ ਨੂੰ ਪ੍ਰੇਰਿਤ ਕਰਦੇ ਹਨ, ਅਤੇ ਉਸ ਅਨੁਸ਼ਾਸਨ ਅਤੇ ਪ੍ਰਤੀਬੱਧਤਾ ਨੂੰ ਦਰਸਾਉਂਦੇ ਹਨ ਜੋ ਸਾਡੀਆਂ ਸੰਸਥਾਵਾਂ ਦੀ ਪਛਾਣ ਹਨ।"

ਏ.ਆਈ.ਈ.ਐੱਸ.ਸੀ.ਬੀ. ਦੇ ਮੈਂਬਰ ਨਰੇਸ਼ ਕੁਮਾਰ (ਜਨਰਲ ਸਕੱਤਰ), ਸੱਜਣ ਕੁਮਾਰ (ਸਲਾਹਕਾਰ), ਪੰਕਜ ਦਾਦਵਾਲ (ਸਲਾਹਕਾਰ) ਅਤੇ ਅਨਿਲ ਕੁਮਾਰ (ਸਪੋਰਟਸ ਸਕੱਤਰ) ਵੀ ਇਸ ਮੌਕੇ ਮੌਜੂਦ ਸਨ।ਦੋ-ਰੋਜ਼ਾ ਟੂਰਨਾਮੈਂਟ ਦੇ ਜੇਤੂਆਂ ਨੂੰ ਇਨਾਮਾਂ ਦੀ ਵੰਡ ਦੇ ਨਾਲ, ਜ਼ੋਰਦਾਰ ਤਾੜੀਆਂ ਅਤੇ ਜਸ਼ਨਾਂ ਦੇ ਵਿਚਕਾਰ ਸਮਾਰੋਹ ਸਮਾਪਤ ਹੋਇਆ।